

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 34, ਜਨਵਰੀ 2021 (ਮਾਘ ਸੰਮਤ ਨਾਨਕਸ਼ਾਹੀ 552) । ਮੁੱਖ ਸੰਪਾਦਕ : ਮਹਿੰਦਰ ਸਿੰਘ ਆਹਲੀ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com


## ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੀ ਯਾਦ ’ਚ ਗੁ: ਸ੍ਰੀ ਫਤਹਿਗੜ੍ਹ ਸਾਹਿਬ ਤੋਂ ਸਜਾਇਆ ਵਿਸ਼ਾਲ ਨਗਰ ਕੀਰਤਨ



ਸ੍ਰੀ ਫਤਹਿਗੜ੍ਹ ਸਾਹਿਬ- ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਹਿ ਸਿੰਘ ਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਜੋੜ ਮੇਲ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਸਿੱਖ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਇਸ ਨਗਰ ਨਗਰ ਕੀਰਤਨ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਗਿਆਨੀ ਰਣਜੀਤ ਸਿੰਘ ਗੌਹਰ, ਦਮਦਮੀ ਟਕਸਾਲ ਦੇ ਮੁੱਖੀ ਬਾਬਾ ਹਰਨਾਮ ਸਿੰਘ, ਸ਼੍ਰੋਮਣੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਤਰਨਾ ਦਲ ਦੇ ਮੁਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ ਸਮੇਤ ਵੱਡੀ ਗਿਣਤੀ ਵਿਚ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਕੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਤੋਂ ਇਲਾਵਾ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਧਰਤੀ 'ਤੇ ਪੁੱਜੀਆਂ ਹੋਈਆਂ ਸਨ।

ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਆਸਾ ਦੀ ਵਾਰ ਦੇ ਕੀਰਤਨ ਹੋਇਆ ਅਤੇ ਮੁੱਖ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਮਾਤਾ ਗੁਜਰੀ ਜੀ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਇਤਿਹਾਸ 'ਤੇ ਚਾਨਣਾ ਪਾਇਆ। ਇਸ ਦੌਰਾਨ ਸੰਗਤੀ ਰੂਪ ਵਿਚ ਜਪੁ ਜੀ ਸਾਹਿਬ ਦੇ ਪਾਠ ਮਗਰੋਂ ਅਰਦਾਸ ਕੀਤੀ ਗਈ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸਰਵਣ ਕਰਵਾਇਆ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਪੰਜ ਪਿਆਰਿਆਂ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਭੇਟ ਕੀਤੇ। ਨਗਰ ਕੀਰਤਨ ਵਿਚ ਵੱਖ-ਵੱਖ ਗੱਤਕਾ ਅਖਾੜਿਆਂ ਨੇ ਸਿੱਖ ਮਾਰਸ਼ਲ ਆਰਟ ਦੇ ਜੰਗਜੂ ਜੌਹਰ ਦਿਖਾਏ। ਨਗਰ ਕੀਰਤਨ ਦੇ ਸਾਰੇ ਰਸਤੇ ਸੰਗਤਾਂ ਅਤੇ ਸਭਾ-ਸੁਸਾਇਟੀਆਂ ਵੱਲੋਂ ਜਿਥੇ ਭਰਵਾਂ ਸਵਾਗਤ ਕੀਤਾ ਗਿਆ, ਉਥੇ ਹੀ ਵੱਖ-ਵੱਖ ਤਰ੍ਹਾਂ ਦੇ ਲੰਗਰ ਵੀ ਲਗਾਏ ਗਏ।

ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਗਰ ਕੀਰਤਨ ਦੀ ਸਮਾਪਤੀ ਸਮੇਂ ਸਜਾਏ ਗਏ ਗੁਰਮਤਿ ਸਮਾਗਮ ਵਿਚ ਪੰਥ ਪ੍ਰਸਿੱਧ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਜੋੜਿਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਸੋਹਿਲਾ ਸਾਹਿਬ ਦਾ ਪਾਠ ਕੀਤਾ ਅਤੇ ਅਰਦਾਸ ਗਿਆਨੀ ਰਘਬੀਰ ਸਿੰਘ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕੀਤੀ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿਟੇਵਡ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ, ਅੰਤ੍ਰਿੰਗ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਸ. ਦਰਬਾਰਾ ਸਿੰਘ ਗੁਰੂ, ਭਾਈ ਰਜਿੰਦਰ ਸਿੰਘ ਮਹਿਤਾ, ਬੀਬੀ ਕੁਲਦੀਪ ਕੌਰ ਟੌਹੜਾ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਭਾਈ ਅਮਰਜੀਤ ਸਿੰਘ ਚਾਵਲਾ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਅਵਤਾਰ ਸਿੰਘ ਰਿਆ, ਸ. ਹਰਪਾਲ ਸਿੰਘ ਜੱਲ੍ਹਾ, ਸ. ਜਰਨੈਲ ਸਿੰਘ ਕਰਤਾਰਪੁਰ, ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਸ. ਹਰਜੀਤ ਸਿੰਘ ਲਾਲੂਘੁੰਮਣ, ਸਾਬਕਾ ਸਕੱਤਰ ਸ. ਦਲਮੇਘ ਸਿੰਘ ਖੱਟੜਾ, ਸ. ਅਵਤਾਰ ਸਿੰਘ ਸੈਂਪਲਾ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ, ਗਿਆਨੀ ਫੂਲਾ ਸਿੰਘ, ਗਿਆਨੀ ਪ੍ਰਣਾਮ ਸਿੰਘ, ਬਾਬਾ ਜੱਸਾ ਸਿੰਘ, ਸ. ਗੁਰਪ੍ਰੀਤ ਸਿੰਘ ਰੰਧਾਵਾ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਬਲਵਿੰਦਰ ਸਿੰਘ ਭੰਮਾਰਸੀ, ਸ. ਕਰਨੈਲ ਸਿੰਘ ਪੀਰ ਮੁਹੰਮਦ ਆਦਿ ਹਾਜ਼ਰ ਸਨ।

**ਦਸਮ ਪਾਤਸ਼ਾਹ ਜੀ ਦੇ ਸਾਹਿਬਜ਼ਾਦਿਆਂ ਨੇ ਸ਼ਹਾਦਤਾਂ ਦੇ ਕੇ ਧਰਮ ਦੇ ਅਕੀਦੇ 'ਤੇ ਪਹਿਰਾ ਦੇਣ ਦੀ ਜਾਚ ਦੱਸੀ -ਬੀਬੀ ਜਗੀਰ ਕੌਰ**

ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਜੋੜ ਮੇਲ ਸਬੰਧੀ ਸਜਾਏ ਗਏ ਨਗਰ ਕੀਰਤਨ ਦੀ ਸਮਾਪਤੀ ਮੌਕੇ

## ਨੌਂਵੇਂ ਪਾਤਸ਼ਾਹ ਜੀ ਦੇ ਸ਼ਹੀਦੀ ਪੁਰਬ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਨਗਰ ਕੀਰਤਨ ਸਜਾਇਆ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸਜਾਏ ਨਗਰ ਕੀਰਤਨ ਦੀ ਆਰੰਭਤਾ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਅਤੇ ਮੈਂਬਰ ਭਾਈ ਮਨਜੀਤ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਨਗਰ ਕੀਰਤਨ ਵਿਚ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਸਟਾਫ਼ ਅਤੇ ਗਤਕਾ ਅਤੇ ਬੈਂਡ ਪਾਰਟੀਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਵੀ ਸ਼ਮੂਲੀਅਤ ਕੀਤੀ, ਜਦਕਿ ਵੱਖ-ਵੱਖ ਥਾਵਾਂ 'ਤੇ ਨਗਰ ਕੀਰਤਨ ਦਾ ਭਰਵਾਂ ਸਵਾਗਤ ਹੋਇਆ। ਨਗਰ ਕੀਰਤਨ ਦੀ ਸੰਪੂਰਨਤਾ ਚੌਕ ਪਰਾਗਦਾਸ, ਚੌਕ ਮੰਨਾ ਸਿੰਘ, ਚੌਕ ਕਰੋੜੀ, ਚੌਕ ਬਾਬਾ ਸਾਹਿਬ, ਬਾਬਾ ਅਟੱਲ ਰਾਏ ਜੀ, ਗੁਰਦੁਅਰਾ ਕੌਲਸਰ, ਆਟਾ ਮੰਡੀ, ਬਜ਼ਾਰ ਬਾਂਸਾਂ, ਬਜ਼ਾਰ ਪਾਪੜਾਂ, ਗੁਰੂ ਬਜ਼ਾਰ ਤੋਂ ਹੁੰਦੇ ਹੋਏ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਹੋਈ। ਨਗਰ ਕੀਰਤਨ ਵਿਚ ਓ.ਐਸ.ਡੀ. ਭਾਈ ਅਮਰੀਕ ਸਿੰਘ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪ੍ਰਤਾਪ ਸਿੰਘ, ਮੈਨੇਜਰ ਸ. ਮੁਖਤਾਰ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਮੀਤ ਸਿੰਘ ਬੁੱਟਰ, ਸ. ਤੇਜਿੰਦਰ ਸਿੰਘ ਪੱਡਾ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਨਿਰਵੈਲ ਸਿੰਘ, ਸ. ਗੁਰਦਿਆਲ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਤੇ ਸ. ਪਲਵਿੰਦਰ ਸਿੰਘ ਚਿੱਟਾ, ਇੰਚਾਰਜ ਪ੍ਰੋ. ਸੁਖਦੇਵ ਸਿੰਘ, ਸ. ਗੁਰਚਰਨ ਸਿੰਘ ਕੁਹਾਲਾ, ਸ. ਸ਼ਾਹਬਾਜ਼ ਸਿੰਘ, ਵਧੀਕ ਮੈਨੇਜਰ ਸ. ਸੁਖਬੀਰ ਸਿੰਘ, ਸ. ਇਕਬਾਲ ਸਿੰਘ ਮੁਖੀ, ਸ. ਬਲਦੇਵ ਸਿੰਘ ਖੈਰਾਬਾਦ, ਮੀਤ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਜਸਪਾਲ ਸਿੰਘ ਢੱਡੇ ਆਦਿ ਮੌਜੂਦ ਸਨ।

## ਸੰਘਰਸ਼ ਕਰ ਰਹੇ ਕਿਸਾਨਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਸੇਵਾਵਾਂ ਲਗਾਤਾਰ ਜਾਰੀ

### ਲੰਗਰ, ਬਿਸਤਰੇ, ਕੰਬਲ, ਵਿਸ਼ਰਾਮ ਘਰ, ਦਵਾਈਆਂ ਆਦਿ ਸਭ ਸਹੂਲਤਾਂ ਦੇ ਪ੍ਰਬੰਧ






ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਸਿਧਾਂਤਾਂ ਅਨੁਸਾਰ ਮਨੁੱਖਤਾ ਦੀ ਭਲਾਈ ਲਈ ਨਿਰੰਤਰ ਕਾਰਜ਼ਸੀਲ ਹੈ। ਗੁਰਮਤਿ ਅਨੁਸਾਰ ਜੇਕਰ ਸੇਵਾ ਦੇ ਸਿਧਾਂਤਕ ਪ੍ਰਸੰਗ ਵਿੱਚ ਗੱਲ ਕਰੀਏ ਤਾਂ ਇਹ ਕਹਿਣਾ ਵਾਜਬ ਹੈ ਕਿ ਗੁਰਮਤਿ ਨੇ ਸੇਵਾ ਨੂੰ ਨਿੱਜਵਾਦ ਦੀ ਵਲਗਣ ਵਿੱਚੋਂ ਕੱਢ ਕੇ ਸਮੂਹਕਤਾ ਦੇ ਵਿਸ਼ਾਲ ਦਾਇਰੇ ਤੱਕ ਲਿਆਂਦਾ ਹੈ। ਗੁਰਮਤਿ ਦਾ ਨਜ਼ਰੀਆ ਹਉਮੈ ਅਤੇ ਲਾਲਸਾ ਤੋਂ ਮੁਕਤ ਕਰਦਾ ਹੋਇਆ ਮਨੁੱਖ ਨੂੰ ਸਵਾਰਥ-ਰਹਿਤ ਹੋ ਕੇ ਸੇਵਾ ਕਰਨ ਲਈ ਪ੍ਰੇਰਿਤ ਕਰਦਾ ਹੈ। ਇਹੀ ਕਾਰਨ ਹੈ ਕਿ ਜਦੋਂ ਵੀ ਕਿਧਰੇ ਮਨੁੱਖਤਾ ਉੱਤੇ ਕੋਈ ਸੰਕਟ ਆਉਂਦਾ ਹੈ ਤਾਂ ਸਿੱਖ ਮਦਦ ਲਈ ਸਭ ਤੋਂ ਅੱਗੇ ਹੁੰਦੇ ਹਨ। ਸ਼੍ਰੋਮਣੀ ਕਮੇਟੀ ਨੇ ਸਦਾ ਹੀ ਕੁਦਰਤੀ ਆਫ਼ਤਾਂ ਸਮੇਂ ਧਰਮ-ਕਰਮ ਅਨੁਸਾਰ ਲੋਕਾਂ ਦੀ ਸੇਵਾ ਕੀਤੀ ਹੈ। ਗੁਜਰਾਤ ਦੇ ਭੂਚਾਲ, ਅੰਡੇਮਾਨ-ਨਿੱਕੋਬਾਰ ਦੀ ਸੁਨਾਮੀ, ਲੇਹ-ਲਦਾਖ, ਸ੍ਰੀ ਨਗਰ, ਜੰਮੂ-ਕਸ਼ਮੀਰ ਅਤੇ ਉੱਤਰਾਖੰਡ ਵਿਚ ਬੱਦਲ ਫੱਟਣ ਤੇ ਹੜ੍ਹ ਆਉਣ ਅਤੇ ਕੋਰੋਨਾ ਵਾਇਰਸ ਵਿਸ਼ਵ ਮਹਾਮਾਰੀ ਦੇ ਸੰਕਟ ਸਮੇਂ ਸ਼੍ਰੋਮਣੀ ਕਮੇਟੀ ਵੱਲੋਂ ਨਿਭਾਈ ਭੂਮਿਕਾ ਲੋਕ ਮਨਾ ਵਿਚ ਅੱਜ ਵੀ ਯਾਦ ਹੈ।



ਮੌਜੂਦਾ ਸਮੇਂ ਕੇਂਦਰ ਸਰਕਾਰ ਵੱਲੋਂ ਕਿਸਾਨੀ ਨਾਲ ਸਬੰਧਤ ਬਣਾਏ ਗਏ ਤਿੰਨ ਕਾਲੇ ਕਨੂੰਨਾਂ ਖਿਲਾਫ ਦੇਸ਼ ਭਰ ਦੇ ਕਿਸਾਨ ਸੰਘਰਸ਼ ਕਰ ਰਹੇ ਹਨ। ਦੋ ਮਹੀਨੇ ਤੋਂ ਵੱਧ ਪੰਜਾਬ ਦੇ ਵੱਖ-ਵੱਖ ਥਾਵਾਂ ਤੇ ਲਗਾਏ ਗਏ ਧਰਨਿਆਂ ਤੋਂ ਬਾਅਦ 26 ਨਵੰਬਰ ਤੋਂ ਭਾਰੀ ਠੰਡ ਵਿਚ ਕਿਸਾਨ ਦਿੱਲੀ ਦੇ ਬਾਡਰਾਂ ਤੇ ਬਹਿਠੇ ਹੋਏ ਹਨ। ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਦੀਆਂ ਰੁਜਾਨਾ ਲੋੜਾਂ ਲਈ ਵੱਡੇ ਪ੍ਰਬੰਧਾਂ ਦੀ ਜਰੂਰਤ ਹੈ। ਕਿਸਾਨਾ ਦੀ ਸਹਾਇਤਾ ਲਈ ਵੱਖ-ਵੱਖ ਜਥੇਬੰਦੀਆਂ ਆਪੋ-ਆਪਣੀ ਸਮਰੱਥਾ ਅਨੁਸਾਰ ਸੇਵਾਵਾਂ ਕਰ ਰਹੀਆਂ ਹਨ।

ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਕਿਸਾਨੀ ਸੰਘਰਸ਼ ਦੌਰਾਨ ਸੇਵਾਵਾਂ ਵਿਚ ਮੋਹਰੀ ਭੂਮਿਕਾ ਨਿਭਾ ਰਹੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਜੀ ਦੇ ਦਿਸ਼ਾ ਨਿਰਦੇਸ਼ਾਂ 'ਤੇ ਦਿੱਲੀ ਸਥਿਤ ਸਿੰਘੂ ਤੇ ਟਿਕਰੀ ਬਾਰਡਰ ਸਮੇਤ ਵੱਖ-ਵੱਖ ਥਾਵਾਂ 'ਤੇ ਸੰਘਰਸ਼ ਕਰ ਰਹੇ ਕਿਸਾਨਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਸੇਵਾਵਾਂ ਲਗਾਤਾਰ ਜਾਰੀ ਹਨ। ਇਨ੍ਹਾਂ ਸੇਵਾਵਾਂ ਵਿਚ ਲੰਗਰ, ਸਿਹਤ ਸੇਵਾਵਾਂ, ਕਿਸਾਨਾਂ ਦੇ ਠਹਿਰਣ ਲਈ ਰੈਣ-ਬਸੇਰੇ, ਬਿਸਤਰੇ ਅਤੇ

*ਬਾਕੀ ਸਫ਼ਾ 3 ’ਤੇ*

## ਸ਼ਤਾਬਦੀ ਸਮਾਗਮਾਂ ਸਬੰਧੀ ਬੀਬੀ ਜਗੀਰ ਕੌਰ ਵੱਲੋਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ

### ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਹੋਣਗੇ ਨੌਂਵੇਂ ਪਾਤਸ਼ਾਹ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਸਬੰਧੀ ਸਮਾਗਮ-ਬੀਬੀ ਜਗੀਰ ਕੌਰ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਾਰ ਸੌ ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ-ਵੱਖ ਸਮਾਗਮ ਕਰਵਾਏ ਜਾਣਗੇ। ਇਹ ਸਮਾਗਮ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਹੋਣਗੇ। ਸਮਾਗਮਾਂ ਦੀ ਰੂਪ-ਰੇਖਾ ਸਬੰਧੀ ਵਿਚਾਰ ਵਿਟਾਂਦਰਾਂ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਮੁਲਾਕਾਤ ਕੀਤੀ ਗਈ। ਬੀਬੀ ਜਗੀਰ ਕੌਰ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਜੀ ਦੀ ਚੌਥੀ ਪ੍ਰਕਾਸ਼ ਸ਼ਤਾਬਦੀ ਸਮੁੱਚੇ ਸਿੱਖ ਜਗਤ ਦੇ ਸਹਿਯੋਗ ਨਾਲ ਮਨਾਈ ਜਾਵੇਗੀ ਅਤੇ ਇਸ ਨੂੰ ਸਮਰਪਿਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿਚ ਸਮਾਗਮ ਕੀਤੇ ਜਾਣਗੇ। ਬੀਬੀ ਜਗੀਰ ਕੌਰ ਨੇ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨਾਲ ਸਮਾਗਮਾਂ ਸਬੰਧੀ ਵਿਚਾਰ-ਵਟਾਂਦਰਾਂ ਕੀਤਾ ਗਿਆ ਹੈ। ਮੁੱਢਲੇ ਤੌਰ 'ਤੇ ਗੁਰੂ ਸਾਹਿਬ ਨਾਲ ਸਬੰਧਤ ਪੰਜਾਬ ਵਿਚਲੇ ਅਸਥਾਨਾਂ ਦੇ ਨਾਲ-ਨਾਲ ਦਿੱਲੀ, ਆਗਰਾ, ਬੰਗਲਾ ਦੇਸ਼, ਪਟਨਾ ਸਾਹਿਬ, ਆਸਾਮ ਆਦਿ ਥਾਵਾਂ 'ਤੇ ਸਮਾਗਮ ਕਰਨ ਦਾ ਵਿਚਾਰ ਹੈ। ਇਸ ਤੋਂ ਇਲਾਵਾ ਹੋਰਨਾਂ ਥਾਵਾਂ ਬਾਰੇ ਵੀ ਵਿਉਂਤਬੰਦੀ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਦੇ ਸੌ ਸਾਲਾ ਸ਼ਤਾਬਦੀ ਦਿਹਾੜੇ ਨੂੰ ਵੀ ਵਿਸ਼ੇਸ਼ ਤੌਰ 'ਤੇ ਮਨਾਇਆ ਜਾਵੇਗਾ। ਸਿੱਖ ਕੌਮ ਦੇ ਇਤਿਹਾਸ ਅੰਦਰ ਸਾਕੇ, ਮੋਰਚੇ ਅਤੇ ਸੰਘਰਸ਼ ਵੱਡਾ ਮਹੱਤਵ ਰੱਖਦੇ ਹਨ, ਜਿਨ੍ਹਾਂ ਵਿਚ ਸ੍ਰੀ ਨਨਕਾਣਾ ਸਾਹਿਬ ਦਾ ਸਾਕਾ ਸਿੱਖ ਸ਼ਕਤੀ ਨੂੰ ਸੰਗਠਤ ਕਰਨ ਅਤੇ ਗੁਰਧਾਮਾਂ ਨੂੰ ਕੁਕਰਮੀ ਮਹੰਤਾਂ ਤੋਂ ਛੁਡਾਉਣ ਲਈ ਅਹਿਮ ਸਾਬਤ ਹੋਇਆ। ਉਨ੍ਹਾਂ ਦੱਸਿਆ ਕਿ ਸ੍ਰੀ ਨਨਕਾਣਾ ਸਾਹਿਬ ਦੇ ਸ਼ਹੀਦੀ ਸਾਕੇ ਬਾਰੇ ਸਮਾਗਮ ਕਰਵਾਉਣ ਦੇ ਨਾਲ-ਨਾਲ ਇਤਿਹਾਸਕ ਦਸਤਾਵੇਜ਼ ਵੀ ਤਿਆਰ ਕੀਤੇ ਜਾਣਗੇ।

# ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਨੇ ਪ੍ਰਬੰਧਾਂ ਸਬੰਧੀ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨਾਲ ਕੀਤੀ ਬੈਠਕ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰੀ ਕੰਮ-ਕਾਜ ਨੂੰ ਹੋਰ ਸਚਾਰੂ ਢੰਗ ਨਾਲ ਚਲਾਉਣ ਲਈ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਨੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨਾਲ ਇਕੱਤਰਤਾ ਕੀਤੀ। ਇਕੱਤਰਤਾ ਨੂੰ ਸੰਬੋਧਨ ਕਰਦਿਆਂ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖ ਕੌਮ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਹੈ, ਇਸ ਲਈ ਸੰਗਤਾਂ ਨੂੰ ਇਸ ਤੋਂ ਵੱਡੀਆਂ ਆਸਾਂ ਹਨ।

ਉਨ੍ਹਾਂ ਕਿਹਾ ਕਿ ਸੰਸਥਾ ਦੇ ਕੰਮ-ਕਾਜ ਨੂੰ ਹੋਰ ਚੁਸਤ-ਦਰੁਸਤ ਕਰਨ ਲਈ ਸਾਨੂੰ ਸਾਰਿਆਂ ਨੂੰ ਇਕ ਟੀਮ ਦੇ ਮੈਂਬਰ ਬਣ ਕੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਆਪੋ-ਆਪਣੇ ਮਹਿਕਮੇ ਦੀ ਕਾਰਗੁਜ਼ਾਰੀ ਨੂੰ ਹੋਰ ਤਸਲੀਬਖ਼ਸ਼ ਬਣਾ ਕੇ ਰੋਲ ਮਾਡਲ ਬਣਨ ਲਈ ਕਿਹਾ। ਇਕੱਤਰਤਾ ਦੌਰਾਨ ਹਾਜ਼ਰ ਸਮੂਹ ਅਧਿਕਾਰੀਆਂ ਨੇ ਇਕਸੁਰਤਾ 'ਚ ਯਕੀਨ ਦਵਾਇਆ ਕਿ ਉਹ ਸੰਸਥਾ ਪ੍ਰਤੀ ਦਫ਼ਤਰ ਵੱਲੋਂ ਲੱਗੀ ਹਰੇਕ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਪ੍ਰਤਾਪ ਸਿੰਘ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਕੱਤਰ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਸਿਮਰਜੀਤ ਸਿੰਘ, ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਮੀਤ ਸਿੰਘ, ਸ. ਹਰਜਿੰਦਰ ਸਿੰਘ ਕੈਰੋਂਵਾਲ, ਸ. ਗੁਰਦਿਆਲ ਸਿੰਘ, ਸ. ਨਿਰਵੈਲ ਸਿੰਘ, ਸ. ਸੁਖਬੀਰ ਸਿੰਘ, ਓ.ਐਸ.ਡੀ. ਸ. ਸਤਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

# ਵੱਡੇ ਸਾਹਿਬਜ਼ਾਦਿਆਂ ਦੀ ਯਾਦ 'ਚ ਜੋੜ ਮੇਲ ਦੌਰਾਨ ਪ੍ਰਮੁੱਖ ਸ਼ਖ਼ਸੀਅਤਾਂ ਤੇ ਹਜ਼ਾਰਾਂ ਸੰਗਤਾਂ ਗੁਰੂ ਘਰ ਨਤਮਸਤਕ

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਸਿੱਖ ਨੌਜੁਆਨੀ ਲਈ ਪ੍ਰੇਰਣਾ ਦਾ ਸੋਮਾ-ਬੀਬੀ ਜਗੀਰ ਕੌਰ



ਅੰਮ੍ਰਿਤਸਰ- ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਸਮੇਤ ਚਮਕੌਰ ਸਾਹਿਬ ਦੀ ਜੰਗ ਦੇ ਮਹਾਨ ਸ਼ਹੀਦਾਂ ਦੀ ਯਾਦ ਵਿਚ ਸ਼ਹੀਦੀ ਜੋੜ ਮੇਲ ਦੌਰਾਨ ਹਜ਼ਾਰਾਂ ਸੰਗਤਾਂ ਨੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਮੱਥਾ ਟੇਕ ਕੇ ਸ਼ਰਧਾ ਪ੍ਰਗਟਾਈ, ਉਥੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ, ਸੀਨੀਅਰ ਅਕਾਲੀ ਆਗੂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਡਾ. ਦਲਜੀਤ ਸਿੰਘ ਚੀਮਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਨਤਮਸਤਕ ਹੋਈਆਂ। ਇਸ ਦੌਰਾਨ ਸੰਗਤਾਂ ਨੇ ਇਥੇ ਸਥਿਤ ਹੋਰਨਾਂ ਇਤਿਹਾਸਕ ਗੁਰਦੁਆਰਾ ਸਾਹਿਬਾਨ ਵੀ ਹਾਜ਼ਰੀਆਂ ਭਰ ਕੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਵਿਖੇ ਭਾਈ ਸੰਗਤ ਸਿੰਘ ਦੀਵਾਨ ਹਾਲ 'ਚ ਸਜੇ ਗੁਰਮਤਿ ਸਮਾਗਮ ਅੰਦਰ ਸਿੱਖ ਕੌਮ ਦੇ ਰਾਗੀ, ਢਾਡੀ ਕਵੀਸ਼ਰ ਜਥਿਆਂ ਅਤੇ ਪ੍ਰਚਾਰਕਾਂ ਤੇ ਕਥਾਵਾਚਕਾਂ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਸੰਗਤ ਨੂੰ ਜੋੜਿਆ।

ਇਸ ਮੌਕੇ ਆਪਣੇ ਸੰਬੋਧਨ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ ਅਤੇ ਗੜ੍ਹੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸੰਗਤ ਨੂੰ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਤੋਂ ਸੇਧ ਲੈਣ ਦੀ ਪ੍ਰੇਰਣਾ ਕੀਤੀ। ਬੀਬੀ ਜਗੀਰ ਕੌਰ ਨੇ ਕਿਹਾ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਦੇਣਾ ਅਸੀਂ ਕਦੇ ਨਹੀਂ ਦੇ ਸਕਦੇ, ਪਰ ਉਨ੍ਹਾਂ ਦਾ ਕਰਜ਼ ਚੁਕਾਉਣ ਲਈ ਅਸੀਂ ਉਨ੍ਹਾਂ ਦੇ ਉਪਦੇਸ਼ਾਂ 'ਤੇ ਜ਼ਰੂਰ ਚੱਲ ਸਕਦੇ ਹਾਂ।

ਉਨ੍ਹਾਂ ਸੰਗਤ ਨੂੰ ਸਿੱਖ ਨੌਜੁਆਨਾਂ ਅਤੇ ਬੱਚਿਆਂ ਅੰਦਰ ਗੁਰਸਿੱਖੀ ਦਾ ਸੰਚਾਰ ਕਰਨ ਲਈ ਲਹਿਰ ਸਿਰਜਣ ਦਾ ਸੱਦਾ ਦਿੱਤਾ। ਬੀਬੀ ਜਗੀਰ ਕੌਰ ਨੇ ਆਖਿਆ ਕਿ ਗੁਰੂ ਸਾਹਿਬ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਸਿੱਖ ਨੌਜੁਆਨੀ ਲਈ ਪ੍ਰੇਰਣਾ ਦਾ ਸੋਮਾ ਹੈ ਅਤੇ ਸਾਡਾ ਸਭ ਦਾ ਫ਼ਰਜ਼ ਹੈ ਕਿ ਆਪਣੇ ਬੱਚਿਆਂ ਨੂੰ ਇਸ ਸ਼ਾਨਾਮੱਤੇ ਇਤਿਹਾਸ ਤੋਂ ਜਾਣੂ ਕਰਵਾਈਏ। ਇਸ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਿੱਖ ਵਿਰੋਧੀ ਚਾਲਾਂ ਚੱਲਣ ਵਾਲਿਆਂ ਤੋਂ ਸੁਚੇਤ ਰਹਿਣ ਲਈ ਵੀ ਕਿਹਾ ਅਤੇ ਕੌਮੀ ਇਕਜੁਟਤਾ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਅਜਮੇਰ ਸਿੰਘ ਖੇੜਾ, ਜਥੇਦਾਰ ਕਰਨੈਲ ਸਿੰਘ ਪੰਜੋਲੀ, ਪ੍ਰਿੰਸੀਪਲ ਸੁਰਿੰਦਰ ਸਿੰਘ ਅਤੇ ਸ. ਗੁਰਿੰਦਰ ਸਿੰਘ ਗੋਗੀ ਨੇ ਵੀ ਸਾਹਿਬਜ਼ਾਦਿਆਂ ਅਤੇ ਸ਼ਹੀਦਾਂ ਨੂੰ ਆਪਣੇ ਸ਼ਬਦਾਂ ਰਾਹੀਂ ਸ਼ਰਧਾ ਤੇ ਸਤਿਕਾਰ ਭੇਟ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਅੰਤ੍ਰਿੰਗ ਮੈਂਬਰ ਸ. ਅਜਮੇਰ ਸਿੰਘ ਖੇੜਾ, ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਸ. ਕਰਨੈਲ ਸਿੰਘ ਪੰਜੋਲੀ, ਪ੍ਰਿੰ: ਸੁਰਿੰਦਰ ਸਿੰਘ, ਸ. ਹਰਪਾਲ ਸਿੰਘ ਜੱਲ੍ਹਾ, ਬੀਬੀ ਹਰਜਿੰਦਰ ਕੌਰ ਪਵਾਤ, ਸ. ਗੁਰਿੰਦਰ ਸਿੰਘ ਗੋਗੀ ਜ਼ਿਲ੍ਹਾ ਪ੍ਰਧਾਨ, ਬੀਬੀ ਸਤਵੰਤ ਕੌਰ ਸਿੱਧੂ, ਸ. ਜਗਮੋਹਨ ਸਿੰਘ ਹਲਕਾ ਇੰਚਾਰਜ, ਸ. ਅਮਨਦੀਪ ਸਿੰਘ ਸਾਬਕਾ ਪ੍ਰਧਾਨ, ਸ. ਬਲਦੇਵ ਸਿੰਘ ਸਰਕਲ ਪ੍ਰਧਾਨ, ਓ.ਐਸ.ਡੀ. ਡਾ. ਸੁਖਬੀਰ ਸਿੰਘ, ਸ. ਨੱਥਾ ਸਿੰਘ ਮੈਨੇਜਰ ਗੁਰਦੁਆਰਾ ਸਾਹਿਬ ਆਦਿ ਮੌਜੂਦ ਸਨ।

# ਬੀਬੀ ਜਗੀਰ ਕੌਰ ਨੇ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦੇ ਮੁਖੀਆਂ ਨਾਲ ਕੀਤੀ ਇਕੱਤਰਤਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨਵ-ਨਿਯੁਕਤ ਪ੍ਰਧਾਨ ਬੀਬੀ ਜਗੀਰ ਕੌਰ ਵੱਲੋਂ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦੇ ਮੁਖੀਆਂ ਨਾਲ ਬੈਠਕ ਕੀਤੀ ਗਈ। ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੇ ਇਕੱਤਰਤਾ ਘਰ ਵਿਖੇ ਕੀਤੀ ਗਈ ਇਸ ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਸਿੱਖਿਆ ਡਾਇਰੈਕਟਰ ਡਾ. ਤੇਜਿੰਦਰ ਕੌਰ ਧਾਲੀਵਾਲ ਨੇ ਬੀਬੀ ਜਗੀਰ ਕੌਰ ਨੂੰ ਸ਼੍ਰੋਮਣੀ ਕਮੇਟੀ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ ਅਤੇ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬੀਬੀ ਜਗੀਰ ਕੌਰ ਨੇ ਕਿਹਾ ਕਿ ਵਿੱਦਿਆ ਦਾ ਸਬੰਧ ਸਿੱਧੇ ਤੌਰ 'ਤੇ ਮਨੁੱਖ ਦੀ ਸ਼ਖ਼ਸੀਅਤ ਉਸਾਰੀ ਨਾਲ ਜੁੜਿਆ ਹੋਇਆ ਹੈ ਅਤੇ ਹਰ ਅਧਿਆਪਕ ਦਾ ਫ਼ਰਜ਼ ਬਣਦਾ ਹੈ ਕਿ ਉਹ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਲਈ ਪ੍ਰੇਰਿਤ ਕਰਦਿਆਂ ਉਨ੍ਹਾਂ ਦੇ ਚੰਗੇ ਭਵਿੱਖ ਦਾ ਨਿਰਮਾਤਾ ਬਣੇ। ਉਨ੍ਹਾਂ ਕਿਹਾ ਕਿ ਹਰ ਅਧਿਆਪਕ ਨੂੰ ਇਕ ਬੇਹਤਰ ਮਾਰਗ-ਦਰਸ਼ਕ ਵਜੋਂ ਆਪਣੀ ਭੂਮਿਕਾ ਨਿਭਾਉਣੀ ਚਾਹੀਦੀ ਹੈ ਅਤੇ ਵਿਦਿਅਕ ਅਦਾਰਿਆਂ ਦੇ ਮੁਖੀਆਂ ਦੀ ਜ਼ੁੰਮੇਵਾਰੀ ਹੋਰ ਵੀ ਵੱਧ ਜਾਂਦੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਸਰਵਨ ਸਿੰਘ ਕੁਲਾਰ, ਸ. ਜਰਨੈਲ ਸਿੰਘ ਡੋਗਰਾਂਵਾਲਾ, ਬੀਬੀ ਗੁਰਪ੍ਰੀਤ ਕੌਰ ਰੂਹੀ, ਸਹਾਇਕ ਸਿੱਖਿਆ ਡਾਇਰੈਕਟਰ ਡਾ. ਪ੍ਰਭਜੀਤ ਕੌਰ, ਪ੍ਰਿੰਸੀਪਲ ਸਤਵੰਤ ਕੌਰ ਸਮੇਤ ਵੱਖ-ਵੱਖ ਕਾਲਜਾਂ ਦੇ ਪ੍ਰਿੰਸੀਪਲ ਮੌਜੂਦ ਸਨ।

# ਤਾਨਾਸ਼ਾਹੀ ਰਵੱਈਆ ਛੱਡਕੇ ਤੁਰੰਤ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਦਾ ਫੈਸਲਾ ਹੋਵੇ : ਬੀਬੀ ਜਗੀਰ ਕੌਰ

ਰਾਜਪੁਰਾ- ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਨਾਲ ਗੱਲਬਾਤ ਕਰਨ ਦੀ ਬਜਾਏ ਖੇਤੀ ਦੇ ਕਾਲੇ ਕਾਨੂੰਨਾਂ ਨੂੰ ਤੁਰੰਤ ਰੱਦ ਕਰ ਦੇਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਦਾ ਇਹ ਸੰਘਰਸ਼ ਅੱਜ ਸਮੁੱਚੇ ਦੇਸ਼ ਦੀ ਆਵਾਜ਼ ਬਣ ਚੁੱਕਿਆ ਅਤੇ ਕਿਸਾਨਾਂ ਦੀਆਂ ਭਾਵਨਾਵਾਂ ਅਤੇ ਦਰਦ ਨੂੰ ਸਮਝਦੇ ਹੋਏ ਖੇਤੀ ਕਾਨੂੰਨਾਂ ਨੂੰ ਬਿਨਾ ਸੋਚੇ ਸਮਝੇ ਕਿਸਾਨਾਂ 'ਤੇ ਥੋਪਣਾ ਕੇਂਦਰ ਸਰਕਾਰ ਲਈ ਉਚਿਤ ਕਦਮ ਨਹੀਂ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ, ਦਿੱਲੀ ਮੁੱਖ ਮਾਰਗ 'ਤੇ ਰਾਜਪੁਰਾ ਨੇੜੇ ਮਦਨਪੁਰ ਝਲਹੇੜੀ ਵਿਖੇ ਕਿਸਾਨਾਂ ਭਰਾਵਾਂ ਅਤੇ ਰਾਹਗੀਰਾਂ ਲਈ ਆਰੰਭ ਕੀਤੇ ਗਏ ਲੰਗਰ ਅਤੇ ਰਿਹਾਇਸ਼ੀ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਗੱਲਬਾਤ ਕਰ ਰਹੇ ਸਨ।

ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਤਾਨਾਸ਼ਾਹੀ ਰਵੱਈਆ ਛੱਡਦੇ ਹੋਏ ਕਿਸਾਨਾਂ ਦੀ ਫਰਿਆਦ ਨੂੰ ਮੰਨ ਲੈਣਾ ਚਾਹੀਦਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵਾਰ-ਵਾਰ ਗੱਲਬਾਤ ਰਾਹੀਂ ਭਰਮ ਭੁਲੇਖੇ ਪੈਦਾ ਕਰਨ ਦੀ ਬਜਾਏ ਖੇਤੀ ਕਾਨੂੰਨ ਵਾਪਸ ਲੈਣ ਦਾ ਤੁਰੰਤ ਫੈਸਲਾ ਦੇਵੇ। ਉਨ੍ਹਾਂ ਕਿਹਾ ਕਿ ਜੇ ਭਾਰਤ ਸਰਕਾਰ ਕਿਸਾਨਾਂ ਦੀ ਆਵਾਜ਼ ਨਹੀਂ ਸੁਣਦੀ ਤਾਂ ਇਹ ਸਮਝਣਾ ਹੋਵੇਗਾ ਕਿ ਲੋਕਤੰਤਰ ਦਾ ਕਤਲ ਅਤੇ ਮਨੁੱਖ ਕਦਰਾਂ ਕੀਮਤਾਂ ਨਾਲ ਵੱਡਾ ਖਿਲਵਾੜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਕਿਸਾਨ ਸੰਘਰਸ਼ ਨੂੰ ਤਾਰੋਪੀਡ ਕਰਨ ਦੀਆਂ ਕੋਸ਼ਿਸ਼ਾਂ ਨੂੰ ਕਿਸਾਨ ਕਦੇ ਵੀ ਸਫਲ ਨਹੀਂ ਹੋਣ ਦੇਣਗੇ। ਬੀਬੀ ਜਗੀਰ ਕੌਰ ਨੇ ਆਖਿਆ ਕਿ ਕਿਸਾਨ ਸਮਾਜ ਲਈ ਰੀੜ੍ਹ ਦੀ ਹੱਡੀ ਹਨ, ਜਿਨ੍ਹਾਂ ਦਾ ਕਿਰਤ ਸੱਭਿਆਚਾਰ ਨੂੰ ਅੱਗੇ ਲਿਜਾਣ 'ਚ ਅਹਿਮ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਖੁਦ ਖੇਤੀ ਕਰਕੇ ਕਿਰਤੀਆਂ ਦੇ ਹੱਕ 'ਚ ਰੂਹਾਨੀਅਤ ਭਰਿਆ ਸੰਦੇਸ਼ ਦਿੱਤਾ, ਜਿਸ ਤੋਂ ਅੱਜ ਸਮਾਜ ਦੇ ਹਰ ਵਰਗ ਨੂੰ ਪ੍ਰੇਰਨਾ ਲੈਣ ਦੀ ਲੋੜ ਹੈ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਕਿਸਾਨ ਸੰਘਰਸ਼ ਦੌਰਾਨ ਸ਼੍ਰੋਮਣੀ ਕਮੇਟੀ ਆਪਣੇ ਫਰਜ਼ਾਂ ਦੀ ਪਹਿਰੇਦਾਰੀ ਕਰਦੇ ਹੋਏ ਕਿਸਾਨ ਭਰਾਵਾਂ ਲਈ ਲੰਗਰ ਅਤੇ ਹੋਰ ਸੇਵਾਵਾਂ ਨੂੰ ਨਿਰਵਿਘਨ ਚਲਾ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਬਾਰਡਰ 'ਤੇ ਵੱਖ ਵੱਖ ਥਾਵਾਂ 'ਤੇ ਚੱਲੇ ਰਹੇ ਕਿਸਾਨ ਧਰਨਿਆਂ ਦੌਰਾਨ ਪਖਾਨਿਆਂ ਦੀ ਵਿਵਸਥਾ ਤੋਂ ਇਲਾਵਾ ਰਿਹਾਂਇਸ਼ੀ ਪ੍ਰਬੰਧ ਅਤੇ ਮੈਡੀਕਲ ਸੇਵਾਵਾਂ ਦੇ ਪ੍ਰਬੰਧ ਵੀ ਕੀਤੇ ਗਏ ਹਨ।

# ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਦੇ ਧਾਰਮਕਿ ਮੁਕਾਬਲੇ ਕਰਵਾਏ





ਪਠਾਨਕੋਟ- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਿੰਡ ਦੋਦਵਾਂ ਵਿਖੇ ਗੁਰਬਾਣੀ ਕੰਠ, ਕਵਿਤਾ, ਭਾਸ਼ਣ ਅਤੇ ਸੁੰਦਰ ਦਸਤਾਰ ਸਜਾਉਣ ਦੇ ਫਾਈਨਲ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਤੋਂ ਪਹਿਲਾਂ ਗੁਰਦੁਆਰਾ ਬਾਬਾ ਮੱਖਣ ਸ਼ਾਹ ਲੁਬਾਣਾ ਬਰਨੋਟੀ ਸਮੇਤ ਵੱਖ-ਵੱਖ ਥਾਵਾਂ ਤੇ ਵੀ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਨ੍ਹਾਂ ਵਿਚ ਭਾਗ ਲੈਣ ਵਾਲੇ ਬੱਚੇ ਫਾਈਨਲ ਮੁਕਾਬਲੇ ਵਿਚ ਸ਼ਾਮਲ ਹੋਏ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਬੱਚਿਆਂ ਨੂੰ ਸਿੱਖ ਧਰਮ ਵਿਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕੀਤੀ। ਸਿੰਘ ਸਾਹਿਬ ਗਿਆਨੀ ਮਾਨ ਸਿੰਘ ਅਤੇ ਭਾਈ ਹਰਭਿੰਦਰ ਸਿੰਘ ਇੰਚਾਰਜ ਸਿੱਖ ਮਿਸ਼ਨ ਜੰਮੂ-ਕਸ਼ਮੀਰ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਨੂੰ ਮੈਡਲ ਤੇ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਭਾਈ ਤਰਨਜੀਤ ਸਿੰਘ ਰਿਕਾਰਡ ਕੀਪਰ, ਭਾਈ ਮਲਕੀਤ ਸਿੰਘ ਪ੍ਰਚਾਰਕ, ਭਾਈ ਤਰਨਜੀਤ ਸਿੰਘ ਪ੍ਰਚਾਰਕ, ਭਾਈ ਸੁਰਜੀਤ ਸਿੰਘ, ਭਾਈ ਮੋਹਨ ਸਿੰਘ ਪ੍ਰਚਾਰਕ ਸਮੇਤ ਸੰਗਤਾਂ ਹਾਜ਼ਰ ਸਨ।

ਸਫ਼ਾ 1 ਦਾ ਬਾਕੀ

## ਨਗਰ ਕੀਰਤਨ...

ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜਾਏ ਗਏ ਗੁਰਮਤਿ ਸਮਾਗਮ 'ਚ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਕਿਹਾ ਕਿ ਮਾਤਾ ਗੁਜਰ ਕੌਰ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੁਨੀਆਂ ਦੇ ਧਾਰਮਿਕ ਇਤਿਹਾਸ ਅੰਦਰ ਵਿਲੱਖਣ ਹੈ, ਜਿਸ ਨੇ ਪੂਰੀ ਦੁਨੀਆਂ ਇਹ ਦੱਸਿਆ ਕਿ ਧਰਮ ਦੇ ਅਕੀਦੇ 'ਤੇ ਪਹਿਰਾ ਦੇਣ ਦੀ ਜਾਚ ਸਿਖਾਈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਬਿਖੜੇ ਸਮੇਂ ਹਿੰਮਤ ਦਾ ਪੱਲਾ ਫੜ੍ਹ ਕੇ ਧਰਮ ਵਿਚ ਪਰਪੱਕ ਰਹਿਣ ਦਾ ਰਾਹ ਦਿਖਾਉਂਦੀਆਂ ਹਨ। ਸਿੱਖ ਕੌਮ ਨੂੰ ਆਪਣੇ ਸ਼ਹੀਦੀ ਵਿਰਸੇ 'ਤੇ ਮਾਣ ਹੈ ਅਤੇ ਹਮੇਸ਼ਾ ਰਹੇਗਾ। ਬੀਬੀ ਜਗੀਰ ਕੌਰ ਨੇ ਆਖਿਆ ਕਿ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਇਤਿਹਾਸ ਕੌਮ ਨੂੰ ਸਿੱਖ ਸਿਧਾਂਤਾਂ ਦੀ ਪਹਿਰੇਦਾਰੀ ਕਰਨ ਅਤੇ ਗੁਰਮਤਿ ਰਹਿਣੀ ਵਿਚ ਪੱਕਿਆ ਰਹਿਣ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਇਸ ਦਿਨ ਨੂੰ ਆਪਣੇ ਜੀਵਨ ਦਾ ਲਕਸ਼ ਨਿਰਧਾਰਤ ਕਰਨ ਲਈ ਪ੍ਰਣ ਦਿਵਸ ਵਜੋਂ ਆਪਣੀ ਯਾਦ ਦਾ ਸਦੀਵਕਾਲ ਹਿੱਸਾ ਬਣਾਏ।

### ਧਰਮ ਦੀ ਖ਼ਾਤਰ ਸ਼ਹਾਦਤ ਦੇ ਕੇ ਛੋਟੇ ਸਾਹਿਬਜ਼ਾਦਿਆਂ ਨੇ ਇਤਿਹਾਸ ਦੀ ਸਭ ਤੋਂ ਵੱਡੀ ਉਦਾਹਰਣ ਪੇਸ਼ ਕੀਤੀਂ -ਗਿਆਨੀ ਹਰਪ੍ਰੀਤ ਸਿੰਘ

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਜੀ ਦੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਸਿੱਖ ਕੌਮ ਦੇ ਇਤਿਹਾਸ ਸ਼ਹਾਦਤਾਂ ਦਾ ਇਤਿਹਾਸ ਦੱਸਿਆ। ਉਨ੍ਹਾਂ ਕਿਹਾ ਕਿ ਸ਼ਹਾਦਤ ਹਮੇਸ਼ਾ ਧਰਮ ਦੀ ਖ਼ਾਤਰ ਦਿੱਤੀ ਜਾਂਦੀ ਹੈ ਅਤੇ ਇਸ ਸਬੰਧ ਵਿਚ ਸਾਹਿਬਜ਼ਾਦਿਆਂ ਦੇ ਇਤਿਹਾਸ ਤੋਂ ਵੱਡੀ ਕੋਈ ਉਦਾਹਰਣ ਨਹੀਂ। ਉਨ੍ਹਾਂ ਕਿਹਾ ਕਿ ਜਦੋਂ ਜਦੋਂ ਵੀ ਜ਼ੁਲਮ ਦੀ ਸਿਖ਼ਰ ਹੋਈ, ਸਿੱਖ ਕੌਮ ਦੇ ਸੂਰਬੀਰਾਂ ਨੇ ਆਪਣੀਆਂ ਜਾਨਾਂ ਦੀਆਂ ਪ੍ਰਵਾਹ ਨਾ ਕਰਦਿਆਂ ਸ਼ਹਾਦਤਾਂ ਦੇ ਪੂਰਨੇ ਪਾਏ। ਉਨ੍ਹਾਂ ਕਿਹਾ ਕਿ ਸ਼ਹਾਦਤ ਦੀ ਪਵਿਤਰਤਾ ਅਤਿ ਅਹਿਮ ਹੈ ਅਤੇ ਸ਼ਹਾਦਤਾਂ ਦਾ ਇਤਿਹਾਸ ਮਾਨਵਤਾ ਨੂੰ ਜ਼ਿੰਦਗੀ ਜਿਊਣ ਦਾ ਢੰਗ ਸਿਖਾਉਂਦਾ ਹੈ। ਉਨ੍ਹਾਂ ਕਿਸਾਨ ਸੰਘਰਸ਼ ਦਾ ਜ਼ਿਕਰ ਕਰਦਿਆਂ ਇਸ ਨੂੰ ਧਰਮ ਦੀਆਂ ਰਵਾਇਤਾਂ ਦੀ ਪਹਿਰੇਦਾਰੀ ਕਰਾਰ ਦਿੱਤਾ ਅਤੇ ਸੰਗਤ ਨੂੰ ਆਪਣੇ ਇਤਿਹਾਸ ਨਾਲ ਜੁੜੇ ਰਹਿਣ ਦੀ ਪ੍ਰੇਰਣਾ ਵੀ ਕੀਤੀ। ਇਸ ਸਮੇਂ ਸਟੇਜ ਦੀ ਸੇਵਾ ਨਿਭਾਉਂਦਿਆਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦੇ ਭਾਵੁਕ ਪਲਾਂ ਨੂੰ ਸੰਗਤ ਨਾਲ ਸਾਂਝਾ ਕੀਤਾ।

ਮੁੱਖ ਸੰਪਾਦਕ:
ਮਹਿੰਦਰ ਸਿੰਘ ਆਹਲੀ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਸੰਗਤ ਤੱਕ ਗੁਰਮਤਿ ਦੀ ਜਾਣਕਾਰੀ ਸਪੱਸ਼ਟ ਰੂਪ ਵਿਚ ਪਹੁੰਚਾਉਣਾ ਪ੍ਰਚਾਰਕ ਸ਼੍ਰੇਣੀ ਦਾ ਫ਼ਰਜ਼- ਬੀਬੀ ਜਗੀਰ ਕੌਰ

## ਬੀਬੀ ਜਗੀਰ ਕੌਰ ਨੇ ਪ੍ਰਚਾਰਕਾਂ, ਕਵੀਸ਼ਰ ਤੇ ਢਾਡੀ ਜਥਿਆਂ ਨਾਲ ਕੀਤੀ ਇਕੱਤਰਤਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਪ੍ਰਚਾਰਕਾਂ, ਢਾਡੀ ਤੇ ਕਵੀਸ਼ਰ ਜਥਿਆਂ ਨਾਲ ਇਕ ਵਿਸ਼ੇਸ਼ ਇਕੱਤਰਤਾ ਕਰਕੇ ਪ੍ਰਚਾਰਕ ਸ਼੍ਰੇਣੀ ਨੂੰ ਸਿੱਖੀ ਪ੍ਰਚਾਰ ਲਈ ਗੁਰਮਤਿ ਸਮਾਗਮਾਂ ਦੇ ਨਾਲ-ਨਾਲ ਸੰਵਾਦ ਵਿਧੀ ਦਾ ਸਹਾਰਾ ਲੈਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਸੋਸ਼ਲ ਮੀਡੀਆ ਦੀ ਭੂਮਿਕਾ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ, ਇਸ ਲਈ ਪ੍ਰਚਾਰਕ ਸ਼੍ਰੇਣੀ ਇਸ ਮਾਧਿਅਮ ਰਾਹੀਂ ਵੀ ਸੰਗਤ ਤੱਕ ਪਹੁੰਚ ਕਰੇ। ਸ਼੍ਰੋਮਣੀ ਕਮੇਟੀ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ ਇਸ ਇਕੱਤਰਤਾ ਦੌਰਾਨ ਧਰਮ ਪ੍ਰਚਾਰ ਕਮੇਟੀ ਨਾਲ ਸਬੰਧਤ ਤਿੰਨ ਸੌ ਤੋਂ ਵੱਧ ਪ੍ਰਚਾਰਕ, ਕਵੀਸ਼ਰ ਤੇ ਢਾਡੀ ਹਾਜ਼ਰ ਸਨ। ਇਸ ਮੌਕੇ ਸੰਬੋਧਨ ਕਰਦਿਆਂ ਬੀਬੀ ਜਗੀਰ ਕੌਰ ਨੇ ਕਿਹਾ ਕਿ ਸਿੱਖੀ ਦੇ ਪ੍ਰਚਾਰ ਪ੍ਰਸਾਰ ਲਈ ਪ੍ਰਚਾਰਕ ਸ਼੍ਰੇਣੀ ਦਾ ਯੋਗਦਾਨ ਅਤਿ ਮਹੱਤਵਪੂਰਨ ਹੈ ਅਤੇ ਸੰਗਤ ਅੰਦਰ ਗੁਰਮਤਿ ਦੀ ਵਿਚਾਰਧਾਰਾ ਦਾ ਸੰਚਾਰ ਕਰਨ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕਾਂ ਦੀ ਭੂਮਿਕਾ ਸ਼ਲਾਘਾਯੋਗ ਰਹੀ ਹੈ। ਉਨ੍ਹਾਂ ਕਿਹਾ ਕਿ ਆ ਰਹੀਆਂ ਸ਼ਤਾਬਦੀਆਂ ਮੌਕੇ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕੀਤਾ ਜਾਵੇਗਾ, ਜਿਸ ਲਈ ਵੱਖ-ਵੱਖ ਸਮਾਗਮ ਉਲੀਕੇ ਜਾ ਰਹੇ ਹਨ। ਬੀਬੀ ਜਗੀਰ ਕੌਰ ਨੇ ਕਿਹਾ ਕਿ ਪ੍ਰਚਾਰਕ ਜਿਥੇ ਵੀ ਪ੍ਰਚਾਰ ਕਰਨ ਲਈ ਜਾਣ, ਉਸ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਜ਼ਰੂਰ ਪਾਉਣ। ਉਨ੍ਹਾਂ ਨੇ ਪ੍ਰਚਾਰਕਾਂ ਨੂੰ ਹਰ ਵਿਸ਼ੇ 'ਤੇ ਸਪੱਸ਼ਟ ਜਾਣਕਾਰੀ ਸੰਗਤ ਤੱਕ ਪਹੁੰਚਾਉਣ ਦੀ ਪ੍ਰੇਰਣਾ ਕੀਤੀ ਅਤੇ ਪ੍ਰਚਾਰ ਢੰਗ ਸੰਗਤ ਦੀਆਂ ਭਾਵਨਾਵਾਂ ਅਨੁਸਾਰ ਸਾਦਾ ਤੇ ਸਪੱਸ਼ਟ ਰੱਖਣ ਲਈ ਕਿਹਾ। ਉਨ੍ਹਾਂ ਕਿਹਾ ਕਿ ਕੌਮੀ ਮਾਮਲਿਆਂ ਬਾਰੇ ਵੀ ਹਰ ਪ੍ਰਚਾਰਕ ਨੂੰ ਬਕਾਇਦਾ ਜਾਣਕਾਰੀ ਹੋਣੀ ਲਾਜ਼ਮੀ ਹੈ ਅਤੇ ਇਸ ਦੇ ਨਾਲ ਹੀ ਸਿੱਖੀ ਵਿਰੁੱਧ ਟਿੱਪਣੀਆਂ ਕਰਨ ਵਾਲੇ ਲੋਕਾਂ ਦਾ ਜਵਾਬ ਦੇਣ ਲਈ ਵੀ ਤਿਆਰ ਰਹਿਣਾ ਚਾਹੀਦਾ ਹੈ।

ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਤੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ ਨੇ ਵੀ ਵਿਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਪ੍ਰਚਾਰਕ ਭਾਈ ਜਸਵਿੰਦਰ ਸਿੰਘ ਸ਼ਹੂਰ ਨੇ ਵੀ ਆਪਣੇ ਸੁਝਾਅ ਪੇਸ਼ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਤੋਂ ਇਲਾਵਾ ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਕੰਗ, ਸ. ਤੇਜਿੰਦਰ ਸਿੰਘ ਪੱਡਾ, ਓ.ਐਸ.ਡੀ. ਡਾ. ਅਮਰੀਕ ਸਿੰਘ, ਡਾ. ਸੁਖਬੀਰ ਸਿੰਘ, ਸ. ਸਤਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।



ਧਰਮ ਪ੍ਰਚਾਰ ਕਮੇਟੀ ਵੱਲੋਂ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਦੇ ਪਿੰਡ ਮਰੜੀ ਖੁਰਦ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ।

# ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਰਾਜਿਸਥਾਨ 'ਚ ਵਾਪਰੀ ਬੇਅਦਬੀ ਦੀ ਘਟਨਾ ਦੀ ਕੀਤੀ ਨਿੰਦਾ

ਅੰਮ੍ਰਿਤਸਰ- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ 'ਤੇ ਦੁੱਖ ਪ੍ਰਗਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਪਾਵਨ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਅਨਸਰਾਂ ਖਿਲਾਫ ਸਖਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਹੈ। ਰਾਜਿਸਥਾਨ ਦੇ ਜਿਲ੍ਹਾ ਅਲਵਰ 'ਚ ਕਿਸ਼ਨਗੜ੍ਹ ਦੇ ਇੱਕ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜਨ ਦੀ ਸਾਹਮਣੇ ਆਈ ਹਿਰਦੇਵੇਧਕ ਘਟਨਾ 'ਤੇ ਬੀਬੀ ਜਗੀਰ ਕੌਰ ਨੇ ਕਿਹਾ ਕਿ ਦੋਸ਼ੀ ਵਿਅਕਤੀਆਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ। ਉਨ੍ਹਾਂ ਸਰਕਾਰਾਂ ਦੀ ਕਾਰਜਸ਼ੈਲੀ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਬੇਅਦਬੀ ਦੀਆਂ ਘਟਨਾਵਾਂ ਕਿਸੇ ਸੋਚੀ ਸਮਝੀ ਸਾਜਿਸ਼ ਦਾ ਹਿੱਸਾ ਹਨ ਅਤੇ ਬਹੁਤੇ ਮਾਮਲਿਆਂ ਵਿਚ ਦੋਸ਼ੀਆਂ ਦੇ ਫੜੇ ਜਾਣ ਮਗਰੋਂ ਵੀ ਉਨ੍ਹਾਂ ਤੋਂ ਸਖਤੀ ਨਾਲ ਪੁੱਛਗਿੱਛ ਨਹੀਂ ਕੀਤੀ ਜਾਂਦੀ। ਇਸੇ ਕਰਕੇ ਅਜਿਹੇ ਲੋਕਾਂ ਦੇ ਹੌਸਲੇ ਬਣੇ ਹੋਏ ਹਨ ਅਤੇ ਬੇਅਦਬੀ ਦੀਆਂ ਘਟਨਾਵਾਂ ਰੁਕ ਨਹੀਂ ਰਹੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਪਿੱਛੇ ਲੁਕੀਆਂ ਸ਼ਕਤੀਆਂ ਨੂੰ ਸਾਹਮਣੇ ਲਿਆਉਣਾ ਜਰੂਰੀ ਹੈ ਜਿਸ ਲਈ ਸਰਕਾਰਾਂ ਸੰਜੀਦਾ ਹੋਣ। ਜੇਕਰ ਪੁਲਿਸ ਪ੍ਰਸ਼ਾਸਨ ਬੇਅਦਬੀ ਕਰਨ ਵਾਲੇ ਅਨਸਰਾਂ ਨਾਲ ਸਖਤੀ ਨਾਲ ਪੇਸ਼ ਆਵੇ ਤਾਂ ਅਜਿਹਾ ਕਰਨ ਦੀ ਕੋਈ ਹਿੰਮਤ ਹੀ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਰਾਜਿਸਥਾਨ ਅੰਦਰ ਵਾਪਰੀ ਘਟਨਾ ਨਾਲ ਉਨ੍ਹਾਂ ਨੂੰ ਮਾਨਸਿਕ ਤੌਰ 'ਤੇ ਗਹਿਰਾ ਦੁੱਖ ਪੁੱਜਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਗੁਰੂ ਘਰਾਂ ਅੰਦਰ ਸੁਚੇਤ ਰੂਪ ਵਿਚ ਨਿਗਰਾਨੀ ਕਰਨ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਦਾ ਸ਼ੱਕ ਪੈਣ 'ਤੇ ਤੁਰੰਤ ਹਰਕਤ ਵਿਚ ਆਉਣ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਆਨਰੇਰੀ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਨੇ ਵੀ ਰਾਜਿਸਥਾਨ ਵਿਚ ਹੋਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੈ ਬੇਅਦਬੀ ਦੀ ਘਟਨਾ ਦੀ ਘੋਰ ਨਿੰਦਾ ਨਿੰਦਾ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਘਟਨਾ ਦੀ ਪੜਤਾਲ ਲਈ ਦਿੱਲੀ ਸਿੱਖ ਮਿਸ਼ਨ ਤੋਂ ਭਾਈ ਜਸਬੀਰ ਸਿੰਘ ਨੂੰ ਰਾਜਿਸਥਾਨ ਭੇਜਿਆ ਗਿਆ ਹੈ। ਮੁੱਖ ਸਕੱਤਰ ਨੇ ਕਿਹਾ ਕਿ ਪਿਛਲੇ ਦਿਨੀਂ ਹੁਸ਼ਿਆਰਪੁਰ ਦੇ ਪਿੰਡ ਫਾਂਬੜਾ ਭੂੰਗੇ ਵਿਖੇ ਵੀ ਇੱਕ ਬੱਚੇ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕੀਤੀ ਗਈ ਸੀ, ਪਰੰਤੂ ਉਸ ਨੂੰ ਫੜੇ ਜਾਣ ਬਾਅਦ ਅਜੇ ਤੱਕ ਵੀ ਪੁਲਿਸ ਪ੍ਰਸ਼ਾਸਨ ਵੱਲੋਂ ਬੇਅਦਬੀ ਦੀ ਘਟਨਾ ਪਿੱਛੇ ਕੰਮ ਕਰਦੀਆਂ ਸ਼ਕਤੀਆਂ ਦੀ ਸਚਾਈ ਜਨਤਕ ਨਹੀਂ ਕੀਤੀ ਗਈ।

# ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਲਈ ਰਿਫਰੈਸ਼ਰ ਕੋਰਸ ਲਗਾਤਾਰ ਜਾਰੀ

## ਕੋਰਸ ਦੌਰਾਨ ਮੁਲਾਜ਼ਮਾਂ ਨੂੰ ਕਥਾਵਾਚਕ ਤੇ ਗ੍ਰੰਥੀ ਦ੍ਰਿੜ ਕਰਵਾਉਂਦੇ ਹਨ ਗੁਰਮਤਿ





ਅੰਮ੍ਰਿਤਸਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਜੀ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਨੂੰ ਹੋਰ ਬੇਹਤਰ ਬਨਾਉਣ ਲਈ ਕਈ ਪਹਿਲਕਦਮੀਆਂ ਕੀਤੀਆਂ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਗੁਰਦੁਆਰਾ ਸਾਹਿਬਾਨ ਦੇ ਮੁਲਾਜਮਾਂ ਨੂੰ ਗੁਰਮਤਿ ਦ੍ਰਿੜ ਕਰਵਾਉਣ, ਗੁਰੂ ਘਰਾਂ ਦੇ ਪ੍ਰਬੰਧਾਂ ਦੌਰਾਨ ਸਿੱਖ ਸਰੋਕਾਰਾਂ ਪ੍ਰਤੀ ਪਾਬੰਦ ਰਹਿਣ, ਸਿੱਖ ਰਹਿਤ ਮਰਯਾਦਾ ਤੇ ਇਤਿਹਾਸ ਦੀ ਜਾਣਕਾਰੀ ਦੇਣ ਦੇ ਮਕਸਦ ਨਾਲ 15 ਦਿਨਾ ਰਿਫਰੈਸ਼ਰ ਕੋਰਸ ਸ਼ੁਰੂ ਕੀਤੇ ਗਏ ਹਨ। ਇਸ ਸਮੇਂ ਦੌਰਾਨ ਸਬੰਧਤ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਿੰਘ ਤੇ ਕਥਾਵਾਚਕ ਮੁਲਾਜਮਾਂ ਨੂੰ ਸਿੱਖ ਇਤਿਹਾਸ ਦੀ ਜਾਣਕਾਰੀ ਦੇ ਰਹੇ ਹਨ। ਇਸ ਤੋਂ ਇਲਾਵਾ ਸੰਗਤ ਨਾਲ ਗੁਰਮਤਿ ਦੀਆਂ ਸੇਧਾਂ ਅਨੁਸਾਰ ਵਿਹਾਰ ਯਕੀਨੀ ਬਣਾਉਣ ਲਈ ਮੁਲਾਜ਼ਮਾਂ ਨੂੰ ਪ੍ਰੇਰਿਆ ਜਾ ਰਿਹਾ ਹੈ।

ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਦੱਸਿਆ ਕਿ ਗੁਰਦੁਆਰਾ ਪ੍ਰਬੰਧਾਂ ਅੰਦਰ ਸਿੱਖੀ ਦੀ ਮੁਕੰਮਲ ਜਾਣਕਾਰੀ ਮੁਲਾਜ਼ਮਾਂ ਦੀ ਸੇਵਾ ਦਾ ਅਹਿਮ ਹਿੱਸਾ ਹੈ, ਜਿਸ ਪ੍ਰਤੀ ਜਾਗਰੂਕ ਕਰਨ ਲਈ ਰਫਰੈਸ਼ਰ ਕੋਰਸ ਜਰੂਰੀ ਸਨ। ਇਹ ਕੋਰਸ ਸਥਾਨਕ ਪੱਧਰ 'ਤੇ ਹੀ ਰੋਜ਼ਾਨਾ ਅੱਧਾ ਘੰਟਾ ਲਗਾਏ ਜਾ ਰਹੇ ਹਨ। ਇਸ ਤਹਿਤ ਸੇਵਾ ਦੌਰਾਨ ਨਿਮਰਤਾ, ਸਤਿਕਾਰ, ਸਹਿਣਸ਼ੀਲਤਾ, ਸੰਜਮ, ਪ੍ਰੇਮ ਭਾਵਨਾ ਦੇ ਮਹੱਤਵ ਨੂੰ ਮੁਲਾਜ਼ਮਾਂ ਅੰਦਰ ਉਜਾਗਰ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਹਰੇਕ ਗੁਰਦੁਆਰਾ ਸਾਹਿਬ ਅੰਦਰ ਸਵੇਰੇ ਸ਼ਾਮ ਹੁੰਦੀ ਕਥਾ ਦੌਰਾਨ ਚੱਲ ਰਹੇ ਪ੍ਰਸੰਗ ਤੋਂ ਇਲਾਵਾ ਗੁਰਬਾਣੀ ਪਿਆਰ, ਸਿੱਖ ਸਿਧਾਂਤਾਂ, ਸਿੱਖ ਸੰਸਥਾਵਾਂ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨਤਾ ਤੇ ਸਥਾਨਕ ਗੁਰਦੁਆਰਾ ਸਾਹਿਬ ਦੇ ਇਤਿਹਾਸ ਬਾਰੇ ਸੰਗਤ ਨੂੰ ਸੰਖੇਪ ਜਾਣਕਾਰੀ ਦੇਣ ਨੂੰ ਵੀ ਯਕੀਨੀ ਬਣਾਇਆ ਜਾਵੇਗਾ।

ਬੀਬੀ ਜਗੀਰ ਕੌਰ ਨੇ ਸਿੱਖ ਜਥੇਬੰਦੀਆਂ, ਮਹਾਂਪੁਰਖਾਂ, ਧਾਰਮਿਕ ਅਸਥਾਨਾਂ ਦੇ ਪ੍ਰਬੰਧਕਾਂ, ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ ਤੇ ਸਿੰਘ ਸਭਾਵਾਂ ਨੂੰ ਵੀ ਹਰ ਗੁਰੂ ਘਰ ਤੋਂ ਰੋਜ਼ਾਨਾ ਕਥਾ ਸਮੇਂ ਸੰਗਤ ਨੂੰ ਸਿੱਖੀ ਬਾਰੇ ਮੁਢਲੀ ਜਾਣਕਾਰੀ ਦੇਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਸੰਗਤ ਅੰਦਰ ਗੁਰਬਾਣੀ ਅਤੇ ਸਿੱਖ ਇਤਿਹਾਸ ਪ੍ਰਤੀ ਸ਼ਰਧਾ ਤੇ ਸਤਿਕਾਰ ਪੈਦਾ ਕਰਨਾ ਗੁਰਦੁਆਰਾ ਸਾਹਿਬਾਨ ਦੇ ਕਥਾਵਾਚਕਾਂ ਤੇ ਗ੍ਰੰਥੀਆਂ ਦੀ ਸੇਵਾ ਦਾ ਅਹਿਮ ਹਿੱਸਾ ਹੈ, ਜਿਸ ਨੂੰ ਪਹਿਲ ਦੇ ਅਧਾਰ 'ਤੇ ਨਿਭਾਉਣਾ ਜ਼ਰੂਰੀ ਹੈ। ਸੰਗਤ ਨੂੰ ਸਿੱਖੀ ਬਾਰੇ ਮੁੱਢਲੀ ਜਾਣਕਾਰੀ ਨਾਲ ਰੋਜ਼ਾਨਾ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਇਸੇ ਸਬੰਧ ਵਿਚ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਾਲੇ ਹਰ ਗੁਰਦੁਆਰਾ ਸਾਹਿਬ ਅੰਦਰ ਕਥਾ ਦੌਰਾਨ ਇਸ ਰੁਝਾਨ ਨੂੰ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਸਥਾਨਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸੰਗਤ ਨੂੰ ਸਿੱਖ ਸਿਧਾਂਤਾਂ, ਗੁਰਮਤਿ ਰਹਿਣੀ ਅਤੇ ਸਿੱਖ ਕੌਮ ਦੀ ਮਹਾਨ ਰਵਾਇਤਾਂ ਅਤੇ ਸੰਸਥਾਵਾਂ ਦੀ ਮਹਾਨਤਾ ਬਾਰੇ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਇਸ ਕਾਰਜ ਲਈ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਕਮੇਟੀ ਦੇ ਪ੍ਰਚਾਰਕ ਵੀ ਦੇਸ਼ ਭਰ ਦੇ ਗੁਰਦੁਆਰਾ ਸਾਹਿਬਾਨ ਅੰਦਰ ਭੇਜੇ ਜਾਂਦੇ ਰਹਿਣਗੇ।

ਸਫ਼ਾ 1 ਦਾ ਬਾਕੀ

## ਸੇਵਾਵਾਂ ਜਾਰੀ...

ਖਾਸਕਰ ਬੀਬੀਆਂ ਲਈ ਪਖਾਨਿਆਂ ਦੀ ਸੁਵਿਧਾ ਦੇ ਪ੍ਰਬੰਧ ਕੀਤੇ ਗਏ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਦੇ ਆਦੇਸ਼ਾਂ ਤੇ ਚਲ ਰਹੀਆਂ ਸੇਵਾਵਾਂ ਦੀ ਨਿਗਰਾਨੀ ਲਈ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰ, ਅੰਤ੍ਰਿੰਗ ਮੈਂਬਰ ਅਤੇ ਮੈਂਬਰ ਸਾਹਿਬਾਨ ਸਮੇਂ-ਸਮੇਂ ਸੇਵਾਵਾਂ ਨਿਭਾ ਰਹੇ ਹਨ।

ਸਿਹਤ ਸੇਵਾਵਾਂ ਲਈ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅਤੇ ਹਸਪਤਾਲ, ਸ੍ਰੀ ਅੰਮ੍ਰਿਤਸਰ ਅਤੇ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਦੀਆਂ ਸਿਹਤ ਟੀਮਾਂ ਲਗਾਤਾਰ ਕਾਰਜਸ਼ੀਲ ਹਨ। ਇਨ੍ਹਾਂ ਟੀਮਾਂ ਵੱਲੋਂ ਵੱਖ-ਵੱਖ ਥਾਵਾਂ ਤੇ ਕੈਂਪ ਲਗਾ ਕੇ ਕਿਸਾਨਾਂ ਦੀ ਮੈਡੀਕਲ ਸਹਾਇਤਾ ਕੀਤੀ ਜਾ ਰਹੀ ਹੈ। ਸੰਘਰਸ਼ ਦੌਰਾਨ ਆ ਰਹੀਆਂ ਪ੍ਰੇਸ਼ਾਨੀਆਂ ਨੂੰ ਦੇਖਦਿਆਂ ਦਿੱਲੀ ਸਥਿਤ ਸਿੰਘੂ ਤੇ ਟਿਕਰੀ ਬਾਰਡਰ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਬੀਬੀਆਂ ਵਾਸਤੇ ਵਿਸ਼ੇਸ਼ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਵਿਚ ਫਲੱਸ਼ਾਂ ਅਤੇ ਬਾਥਰੂਮਾਂ ਦੀ ਸਹੂਲਤ ਮੌਜੂਦ ਹੈ। ਸ਼੍ਰੋਮਣੀ ਕਮੇਟੀ ਵੱਲੋਂ ਵੱਖ-ਵੱਖ ਥਾਵਾਂ ਤੇ ਲੰਗਰਾਂ ਦੇ ਪ੍ਰਬੰਧ ਕੀਤੇ ਗਏ ਹਨ ਜਿਥੇ ਵੱਡੀ ਗਿਣਤੀ ਵਿਚ ਸੰਗਤਾਂ ਲੰਗਰ ਛਕ ਰਹੀਆਂ ਹਨ। ਇਨ੍ਹਾਂ ਪ੍ਰਬੰਧਾਂ ਲਈ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਮੁਲਾਜ਼ਮ ਲਗਾਤਾਰ ਸੇਵਾਵਾਂ ਵਿਚ ਲਗੇ ਹੋਏ ਹਨ। ਸੰਘਰਸ਼ ਲੰਬਾ ਚਲਣ ਦੇ ਮਦੇਨਜ਼ਰ ਸ਼੍ਰੋਮਣੀ ਕਮੇਟੀ ਵੱਲੋਂ ਵਾਟਰਪਰੂਫ ਟੈਂਟ ਲਗਾ ਕੇ ਗਦਿਆਂ ਅਤੇ ਰਜਾਈਆਂ ਦਾ ਪ੍ਰਬੰਧ ਕੀਤਾ ਗਿਆ ਹੈ ਤਾਂ ਕਿ ਠੰਡ ਵਿਚ ਕਿਸਾਨਾਂ ਨੂੰ ਮੁਸ਼ਕਲ ਨਾ ਆਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਦੀ ਪ੍ਰਧਾਨਗੀ ਹੇਠ ਹੋਈ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਵਿਚ ਕਿਸਾਨੀ ਸੰਘਰਸ਼ ਦੌਰਾਨ ਜਾਨਾ ਗਵਾਉਣ ਵਾਲੇ ਕਿਸਾਨਾਂ ਦੇ ਪਰਿਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਇੱਕ-ਇੱਕ ਲੱਖ ਰੁਪਏ ਸਹਾਇਤਾ ਦੇਣ ਦਾ ਐਲਾਨ ਕੀਤਾ ਗਿਆ ਸੀ, ਜਿਸ ਨੂੰ ਅਮਲ ਵਿਚ ਲਿਆਉਂਦਿਆ ਵੱਖ-ਵੱਖ ਕਿਸਾਨਾਂ ਦੇ ਪਰਿਵਾਰਾਂ ਨੂੰ ਸਹਾਇਤਾ ਰਾਸ਼ੀ ਦਿੱਤੀ ਜਾ ਰਹੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਸਮੂਹ ਗੁਰਦੁਆਰਾ ਸਾਹਿਬਾਨ ਵਿਖੇ 7 ਦਸੰਬਰ ਨੂੰ ਕਿਸਾਨੀ ਸੰਘਰਸ਼ ਦੀ ਕਾਮਯਾਬੀ ਲਈ ਅਰਦਾਸ ਕਰਕੇ ਸੰਸਥਾ ਨੇ ਕਿਸਾਨਾ ਨਾਲ ਖੜੇ ਹੋਣ ਦਾ ਪ੍ਰਮਾਨ ਦਿੱਤਾ।

ਸ਼੍ਰੋਮਣੀ ਕਮੇਟੀ ਆਪਣੀ ਜਿੰਮੇਵਾਰੀ ਨੂੰ ਸਮਝਦਿਆਂ ਸ਼ੁਰੂ ਤੋਂ ਹੀ ਕਿਸਾਨੀ ਸੰਘਰਸ਼ ਦੇ ਨਾਲ ਖੜ੍ਹੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਬਬਿੀ ਜਗੀਰ ਕੌਰ ਜੀ ਸੰਘਰਸ਼ ਦੌਰਾਨ ਕਿਸਾਨਾ ਦੀਆਂ ਜਰੂਰਤਾਂ ਅਨੁਸਾਰ ਪ੍ਰਬੰਧ ਕਰਨ ਲਈ ਹਦਾਇਤਾਂ ਜਾਰੀ ਕਰ ਚੁੱਕੇ ਹਨ।













# ਨੌਵੇਂ ਪਾਤਸ਼ਾਹ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਏ

## ਨੌਵੇਂ ਪਾਤਸ਼ਾਹ ਦੀ ਸ਼ਹਾਦਤ ਦੁਨੀਆ ਦੇ ਇਤਿਹਾਸ 'ਚ ਵਿਲੱਖਣ ਅਤੇ ਲਾਸਾਨੀ ਹੈ- ਬੀਬੀ ਜਗੀਰ ਕੌਰ





ਪਟਿਆਲਾ- ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਵਿਸ਼ੇਸ ਤੌਰ ਤੇ ਪਹੁੰਚੇ। ਸੰਗਤਾਂ ਨੂੰ ਸੰਬੋਧਨ ਕਰਦਿਆਂ ਬੀਬੀ ਜਗੀਰ ਕੌਰ ਨੇ ਕਿਹਾ ਕਿ ਸਿੱਖ ਇਤਿਹਾਸ ਕੁਰਬਾਨੀਆਂ ਨਾਲ ਭਰਿਆ ਹੋਇਆ ਹੈ, ਜੋ ਮਨੁੱਖਤਾ ਨੂੰ ਨਿਸ਼ਚੈ ਅਤੇ ਅਕੀਦੇ 'ਚ ਦ੍ਰਿੜ ਰਹਿਣ ਦਾ ਮਾਰਗ ਵਿਖਾਉਂਦਾ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਦੀ ਸ਼ਹਾਦਤ ਦੁਨੀਆ ਦੇ ਇਤਿਹਾਸ 'ਚ ਵਿਲੱਖਣ ਅਤੇ ਲਾਸਾਨੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਤੋਂ ਬਾਅਦ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਹਿਬਜ਼ਾਦਿਆਂ ਵੱਲੋਂ ਸਾਕਾ ਚਮਕੌਰ ਸਾਹਿਬ ਅਤੇ ਸਾਕਾ ਸਰਹਿੰਦ ਵਿਖੇ ਅਜਿਹਾ ਇਤਿਹਾਸ ਸਿਰਜਿਆ ਜੋ ਰਹਿੰਦੀ ਦੁਨੀਆ ਤੱਕ ਖਾਲਸਾ ਪੰਥ ਦੀ ਹੋਂਦ ਹਸਤੀ ਅਤੇ ਸਿੱਖੀ ਦੇ ਨਿਆਰੇਪਣ ਦਾ ਪ੍ਰਤੀਕ ਬਣਿਆ ਰਹੇਗਾ।

ਬੀਬੀ ਜਗੀਰ ਕੌਰ ਨੇ ਕਿਹਾ ਕਿ ਸਮੁੱਚੀ ਕੌਮ ਨੂੰ ਇਹ ਫ਼ਖ਼ਰ ਹੋਣਾ ਚਾਹੀਦਾ ਹੈ ਕਿ ਅਸੀਂ ਅਜਿਹੇ ਵਿਲੱਖਣ ਧਰਮ ਦੇ ਵਾਰਸ ਹਾਂ, ਜੋ ਜ਼ੁਲਮ ਖਿਲਾਫ ਲੜਨ ਦੀ ਸ਼ਕਤੀ ਪ੍ਰਦਾਨ ਕਰਦਾ ਹੈ। ਉਨ੍ਹਾਂ ਸੰਗਤਾਂ ਨੂੰ ਪੰਥ ਵਿਰੋਧੀ ਸ਼ਕਤੀਆਂ ਵੱਲੋਂ ਸਿੱਖ ਕੌਮ ਦੇ ਸਰੂਪ, ਗੁਰਧਾਮਾਂ, ਬਾਣੀ ਅਤੇ ਗ੍ਰੰਥਾਂ 'ਤੇ ਕੀਤੇ ਜਾ ਰਹੇ ਹਮਲਿਆਂ ਤੋਂ ਸੁਚੇਤ ਰਹਿਣ ਲਈ ਪ੍ਰੇਰਨਾ ਕੀਤੀ। ਗੁਰਮਤਿ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਦਾ ਇਥੇ ਪੁੱਜਣ 'ਤੇ ਅੰਤ੍ਰਿੰਗ ਕਮੇਟੀ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਜਥੇਦਾਰ ਸਵਿੰਦਰ ਸਿੰਘ ਸੱਭਰਵਾਲ, ਬੀਬੀ ਕੁਲਦੀਪ ਕੌਰ ਟੌਹੜਾ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਜਰਨੈਲ ਸਿੰਘ ਕਰਤਾਰਪੁਰ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਸ. ਕਰਨੈਲ ਸਿੰਘ, ਵੱਲੋਂ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਕੀਰਤਨ ਸਮਾਗਮ ਅਤੇ ਕਵੀ ਦਰਬਾਰ ਦਾ ਆਯੋਜਨ ਵੀ ਕੀਤਾ ਗਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲੇ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਬਾਬਾ ਹਰਚਰਨ ਸਿੰਘ ਨਾਨਕਸਰ ਕੁਟੀਆ, ਬਾਬਾ ਰੌਸ਼ਨ ਸਿੰਘ ਰਾੜਾ ਸਾਹਿਬ ਸੰਪਰਦਾਇ ਧਬਲਾਨ, ਬੀਬੀ ਬਿਪਨਪ੍ਰੀਤ ਕੌਰ ਲੁਧਿਆਣਾ ਵਾਲੇ, ਬੁੱਢਾ ਦਲ 96ਵੇਂ ਕਰੋੜੀ ਵਲੋਂ ਭਾਈ ਸੁਖਜੀਤ ਸਿੰਘ ਘਨੱਈਆ, ਜ਼ਿਲ੍ਹਾ ਪ੍ਰਧਾਨ ਸ. ਸੁਰਜੀਤ ਸਿੰਘ ਰੱਖੜਾ, ਸਾਬਕਾ ਚੇਅਰਮੈਨ ਸ. ਇੰਦਰਮੋਹਨ ਬਜਾਜ, ਸਾਬਕਾ ਚੇਅਰਮੈਨ ਸ. ਸੁਖਬੀਰ ਸਿੰਘ ਅਬਲੋਵਾਲ, ਸਾਬਕਾ ਚੇਅਰਮੈਨ ਸ. ਲਖਵੀਰ ਸਿੰਘ ਲੌਟ, ਸਾਬਕਾ ਮੇਅਰ ਸ. ਅਜੀਤਪਾਲ ਸਿੰਘ ਕੋਹਲੀ, ਸਾਬਕਾ ਮੇਅਰ ਸ. ਅਮਰਿੰਦਰ ਸਿੰਘ ਬਜਾਜ, ਸ. ਜਗਜੀਤ ਸਿੰਘ ਕੋਹਲੀ, ਪ੍ਰਧਾਨ ਇਸਤਰੀ ਅਕਾਲੀ ਦਲ ਸ਼ਹਿਰੀ ਬੀਬੀ ਗੁਰਮੀਤ ਕੌਰ ਬਰਾੜ, ਸਾਬਕਾ ਮੈਂਬਰ ਬੀਬੀ ਕਮਲੇਸ਼ ਕੌਰ ਆਦਿ ਸਖਸ਼ੀਅਤਾਂ ਵੀ ਸਮਾਗਮ ਵਿਚ ਹਾਜ਼ਰ ਸਨ।

# ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ

## ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ



ਹੁਸ਼ਿਆਰ ਨਗਰ- ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਪਾਤਸ਼ਾਹੀ 6ਵੀਂ ਹੁਸ਼ਿਆਰ ਨਗਰ ਜਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਗੁਰੂ ਸਾਹਿਬ ਦੀ ਯਾਦ ਵਿਚ ਸਲਾਨਾ ਜੋੜ ਮੇਲੇ ਮੌਕੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ੇਸ ਤੌਰ ਤੇ ਪਹੁੰਚੇ ਪੰਜ ਪਿਆਰੇ ਸਹਿਬਾਨ ਪਾਸੋਂ 43 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਬਾਬਾ ਨਿਰਮਲ ਸਿੰਘ ਨੌਸ਼ਹਿਰਾ ਢਾਲਾ, ਮੈਨੇਜਰ ਸ. ਅੰਗਰੇਜ਼ ਸਿੰਘ, ਭਾਈ ਕਿਰਪਾਲ ਸਿੰਘ ਗ੍ਰੰਥੀ, ਭਾਈ ਕਸਮੀਰ ਸਿੰਘ ਗ੍ਰੰਥੀ, ਪ੍ਰਚਾਰਕ ਭਾਈ ਸੁਖਵੰਤ ਸਿੰਘ ਸਭਰਾ, ਭਾਈ ਬਲਵਿੰਦਰ ਸਿੰਘ ਝਬਾਲ, ਸ. ਹਰਜੀਤ ਸਿੰਘ, ਸ. ਦਲਬੀਰ ਸਿੰਘ, ਸ. ਅਜੀਤ ਸਿੰਘਸ. ਨਿੰਦਰ ਸਿੰਘ, ਸ. ਮੇਜਰ ਸਿੰਘ ਅਤੇ ਭਾਈ ਮਨਜੀਤ ਸਿੰਘ ਮਾਣਕ ਦਾ ਕਵੀਸ਼ਰ ਜਥੇ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸੀ।

# ਸਿੱਖ ਮਿਸ਼ਨ ਗੁਜਰਾਤ ਵੱਲੋਂ ਜੂਨਾਗੜ੍ਹ ਵਿਖੇ ਅੰਮ੍ਰਿਤ ਸੰਚਾਰ ਸਮਾਗਮ



ਜੂਨਾਗੜ੍ਹ- ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਸਿੱਖ ਮਿਸ਼ਨ ਗੁਜਰਾਤ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਤੇ ਜਾ ਰਹੇ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਗੁਜਰਾਤ ਸੂਬੇ ਦੇ ਸ਼ਹਿਰ ਜੂਨਾਗੜ੍ਹ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਅੰਮ੍ਰਿਤ ਸੰਚਾਰ ਮੌਕੇ ਸਿੱਖ ਮਿਸ਼ਨ ਗੁਜਰਾਤ ਦੇ ਪ੍ਰਚਾਰਕਾਂ ਵੱਲੋਂ ਪੰਜ ਪਿਆਰੇ ਸਾਹਿਬਾਨ ਦੀ ਸੇਵਾ ਨਿਭਾਈ ਗਈ। ਅੰਮ੍ਰਿਤ ਸੰਚਾਰ ਸਮੇਂ 92 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਸਿੱਖ ਮਿਸ਼ਨ ਗੁਜਰਾਤ ਦੇ ਇੰਚਾਰਜ ਭਾਈ ਪਰਮਜੀਤ ਸਿੰਘ ਨੇ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ ਸਿੱਖ ਰਹਿਤ ਮਰਯਾਦਾ ਗੁਰਮਤਿ ਰਹਿਣੀ ਦੀ ਜਾਣਕਾਰੀ ਦਿੰਦਿਆਂ ਖ਼ਾਲਸਾ ਪੰਥ ਵਿਚ ਸ਼ਾਮਲ ਹੋਣ ਦੀ ਵਧਾਈ ਦਿੱਤੀ। ਇਸ ਮੌਕੇ ਸਿੱਖ ਮਿਸ਼ਨ ਗੁਜਰਾਤ ਦੇ ਪ੍ਰਚਾਰਕ ਭਾਈ ਸ਼ਿਵਤਾਰ ਸਿੰਘ, ਭਾਈ ਲਖਬੀਰ ਸਿੰਘ, ਭਾਈ ਕੁਲਦੀਪ ਸਿੰਘ ਪ੍ਰਚਾਰਕ ਸਬ ਆਫਿਸ ਦਮਦਮਾ ਸਾਹਿਬ, ਭਾਈ ਮਨੀ ਸਿੰਘ ਜੂਨਾਗੜ੍ਹ, ਭਾਈ ਸੰਤੋਖ ਸਿੰਘ ਤੇ ਭਾਈ ਸਖਾਰਾਮ ਸਿੰਘ ਸਿੱਖ ਮਿਸ਼ਨ ਛੱਤੀਸਗੜ੍ਹ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਦਸਤਾਰ ਮੁਕਾਬਲੇ 'ਚ ਮੋਹਰੀ ਸਥਾਨ ਪ੍ਰਾਪਤ ਕਰਨ ਵਾਲੇ ਬੱਚੇ ਮੈਡਲਾਂ ਅਤੇ ਨਗਦ ਇਨਾਮਾਂ ਨਾਲ ਸਨਮਾਨਤ



ਨਾਭਾ/ਪਟਿਆਲਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਦੀ ਯੋਗ ਅਗਵਾਈ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ ਦੀ ਪ੍ਰੇਰਨਾ ਸਦਕਾ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਦੇ ਦਸਤਾਰ ਬੰਦੀ ਮੁਕਾਬਲੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਰੋਹਟਾ ਵਿਖੇ ਕਰਵਾਏ ਗਏ। ਦਸਤਾਰ ਬੰਦੀ ਮੁਕਾਬਲਿਆਂ ਵਿਚ 80 ਦੇ ਕਰੀਬ ਬੱਚਿਆਂ ਨੇ ਹਿੱਸਾ ਲਿਆ। ਮੁਕਾਬਲੇ ਸਮੇਂ ਜੱਜ ਸਾਹਿਬਾਨ ਦੀ ਭੂਮਿਕਾ ਸ. ਰਣਜੀਤ ਸਿੰਘ ਖੱਟੜਾ, ਸ. ਮਨਪ੍ਰੀਤ ਸਿੰਘ ਨਾਭਾ, ਸ. ਰਣਵੀਰ ਸਿੰਘ ਘਨੌਰ ਤੇ ਸ. ਨਰਿੰਦਰ ਸਿੰਘ ਨੇ ਨਿਭਾਈ, ਜਿਨਾਂ ਵੱਲੋਂ ਸੋਹਣੀ ਦਸਤਾਰ ਸਜਾਉਣ ਵਾਲਿਆਂ ਦੀ ਚੋਣ ਕੀਤੀ ਗਈ। ਮੁਕਾਬਲੇ ਦੌਰਾਨ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਅਤੇ ਨਾਇਬ ਤਹਿਸੀਲਦਾਰ ਸ. ਕਰਮਜੀਤ ਸਿੰਘ ਖੱਟੜਾ ਨੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਨਗਦ ਇਨਾਮ ਤੋਂ ਇਲਾਵਾ ਸਨਮਾਨ ਚਿੰਨ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ। ਧਰਮ ਪ੍ਰਚਾਰ ਕਮੇਟੀ ਵੱਲੋਂ ਇਸ ਦੌਰਾਨ ਬਾਬਾ ਬੰਦਾ ਸਿੰਘ ਬਹਾਦਰ ਅਤੇ ਛੋਟੇ ਸਾਹਿਬਜ਼ਾਦਿਆਂ ਨਾਲ ਸਬੰਧਤ ਇਤਿਹਾਸਕ ਪੁਸਤਕਾਂ ਵੀ ਭੇਂਟ ਕੀਤੀਆਂ ਗਈਆਂ। ਇਸ ਮੌਕੇ ਬੱਚਿਆਂ ਨੂੰ ਪ੍ਰੇਰਨਾ ਦਿੰਦਿਆਂ ਅੰਤ੍ਰਿੰਗ ਕਮੇਟੀ ਮੈਂਬਰ ਸਤਵਿੰਦਰ ਸਿੰਘ ਟੌਹੜਾ ਨੇ ਕਿਹਾ ਕਿ ਸਿੱਖੀ ਸਰੂਪ ਅਤੇ ਸਿਰ ਤੇ ਸਜੀ ਹੋਈ ਦਸਤਾਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਿੱਤੀ ਦਾਤ ਹੈ। ਉਨ੍ਹਾਂ ਕਿਹਾ ਕਿ ਸਾਡਾ ਵਿਰਸਾ ਸਾਨੂੰ ਬਾਣੀ ਤੇ ਬਾਣੇ 'ਚ ਰਹਿਣ ਦੀ ਪ੍ਰੇਰਨਾ ਦਿੰਦਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਨੇਜਰ ਸ. ਕਰਨੈਲ ਸਿੰਘ ਨਾਭਾ, ਮੈਨੇਜਰ ਸ. ਨਰਿੰਦਰਜੀਤ ਸਿੰਘ, ਮੈਨੇਜਰ ਸ. ਅਮਰੀਕ ਸਿੰਘ ਰੋਹਟਾ, ਭਾਈ ਰਾਜਿੰਦਰਪਾਲ ਸਿੰਘ ਕਥਾਵਾਚਕ, ਭਾਈ ਹਰਮਿੰਦਰਪਾਲ ਸਿੰਘ, ਭਾਈ ਗੁਰਬਚਨ ਸਿੰਘ, ਪ੍ਰਚਾਰਕ ਭਾਈ ਸੁਖਵੀਰ ਸਿੰਘ ਫਲੌਂਡ, ਭਾਈ ਹਰਪ੍ਰੀਤ ਸਿੰਘ ਜੰਡਿਆਲਾ ਗੁਰੂ, ਭਾਈ ਲਖਵਿੰਦਰ ਸਿੰਘ ਅਜਰਾਵਰ, ਭਾਈ ਬੇਅੰਤ ਸਿੰਘ ਅਜ਼ੀਜ਼, ਭਾਈ ਪਰਵਿੰਦਰ ਸਿੰਘ ਰਿਓਂਦ, ਭਾਈ ਬਲਦੇਵ ਸਿੰਘ ਓਗਰਾ, ਭਾਈ ਹਰਦੀਪ ਸਿੰਘ ਟਿੱਬਾ, ਭਾਈ ਚਰਨਪ੍ਰੀਤ ਸਿੰਘ ਮਾਹੋਰਾਣਾ ਬਾਬਾ ਕਰਨੈਲ ਸਿੰਘ ਗੁਣੀਕੇ, ਭਾਈ ਪ੍ਰੀਤਮ ਸਿੰਘ, ਹਰਨੇਕ ਸਿੰਘ ਮੈਂਬਰ, ਭਾਈ ਜਗਜੀਤ ਸਿੰਘ, ਭਾਈ ਰਵਿੰਦਰ ਸਿੰਘ ਜੌਹਰ ਦੇ ਢਾਡੀ ਜਥੇ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਸਟਾਫ ਅਤੇ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।

# ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨੌਜਵਾਨਾਂ ਦਾ ਦੋ ਰੋਜ਼ਾ ਗੁਰਮਤਿ ਕੈਂਪ ਲਗਾਇਆ



ਤਲਵੰਡੀ ਸਾਬੋ- ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਸਰਪ੍ਰਸਤੀ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਨੌਜਵਾਨਾਂ ਨੂੰ ਸਿੱਖ ਵਿਰਸੇ ਨਾਲ ਜੋੜਨ ਲਈ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਦੋ ਰੋਜ਼ਾ ਗੁਰਮਤਿ ਕੈਂਪ ਲਗਾਇਆ ਗਿਆ। ਕੈਂਪ ਦੀ ਸਮਾਪਤੀ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ ਤੌਰ ਤੇ ਸ਼ਮੂਲੀਅਤ ਕੀਤੀ। ਇਸ ਗੁਰਮਤਿ ਕੈਂਪ ਵਿਚ ਵੱਡੀ ਗਿਣਤੀ ਵਿਚ ਭਾਗ ਲੈ ਰਹੇ ਨੌਜਵਾਨਾ ਨੂੰ ਸੰਬੋਧਨ ਕਰਦਿਆ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸਿੱਖ ਇਤਿਹਾਸ ਬਾਰੇ ਚਰਚਾ ਕਰਦਿਆਂ ਨੌਜਵਾਨਾ ਨੂੰ ਸਿੱਖ ਰਹਿਣੀ ਬਹਿਣੀ ਦੀ ਪ੍ਰੇਰਨਾ ਕੀਤੀ। ਉਨ੍ਹਾਂ ਨੌਜਵਾਨਾ ਨੂੰ ਸਿੱਖ ਫਲਸਫੇ ਦੇ ਪ੍ਰਚਾਰ ਪ੍ਰਸਾਰ ਲਈ ਵੀ ਪ੍ਰੇਰਿਆ। ਗੁਰਮਤਿ ਕੈਂਪ ਦੌਰਾਨ ਸਿੰਘ ਸਾਹਿਬ ਪ੍ਰੋ: ਮਨਜੀਤ ਸਿੰਘ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਨੌਜਵਾਨਾ ਨੂੰ ਬਾਣੀ ਅਤੇ ਬਾਣੇ ਨਾਲ ਜੁੜਨ ਦੀ ਪ੍ਰੇਰਨਾ ਕੀਤੀ। ਸ. ਵਰਿਆਮ ਸਿੰਘ ਸਾਬਕਾ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਸਿੱਖ ਰਹਿਤ ਮਰਿਯਾਦਾ ਬਾਰੇ ਵਿਸਥਾਰ ਸਹਿਤ ਚਰਚਾ ਕੀਤੀ ਜਦਕਿ ਪ੍ਰੋ: ਸਰਬਜੀਤ ਸਿੰਘ ਰੇਣੂਕਾ ਨੇ ਵੀ ਸੰਬੋਧਨ ਕੀਤਾ। ਗੁਰਮਤਿ ਕੈਂਪ ਵਿਚ ਸ਼ਿਰਕਤ ਕਰਨ ਵਾਲੇ ਵਿਦਵਾਨਾਂ ਨੂੰ ਸਿੰਘ ਸਾਹਿਬ ਤੇ ਮੈਂਬਰ ਸਾਹਿਬਾਨ ਨੇ ਸਨਮਾਨਿਤ ਕੀਤਾ। ਸ. ਸਿਮਰਜੀਤ ਸਿੰਘ ਮੀਤ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਕੈਂਪ ਵਿਚ ਸ਼ਾਮਲ ਹੋਣ ਵਾਲੇ ਨੌਜਵਾਨਾਂ ਨੂੰ ਵਧਾਈ ਦਿੱਤੀ।

ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਰਾਏਪੁਰ, ਸ. ਗੁਰਤੇਜ ਸਿੰਘ ਢੱਡੇ, ਸ. ਗੁਰਪ੍ਰੀਤ ਸਿੰਘ ਝੱਬਰ, ਭਾਈ ਭੋਲਾ ਸਿੰਘ ਹੀਰੇਵਾਲਾ ਇੰਚਾਰਜ ਸਬ-ਆਫਿਸ ਧਰਮ ਪ੍ਰਚਾਰ ਕਮੇਟੀ, ਭਾਈ ਪਰਮਜੀਤ ਸਿੰਘ ਮੈਨੇਜਰ, ਸ. ਜਸਵਿੰਦਰ ਸਿੰਘ, ਪ੍ਰਿੰਸੀਪਲ ਸ. ਰਵਿੰਦਰ ਸਿੰਘ ਖਾਲਸਾ, ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ, ਭਾਈ ਸਰਬਜੀਤ ਸਿੰਘ ਲੁਧਿਆਣਾ, ਭਾਈ ਵਰਿਆਮ ਸਿੰਘ, ਭਾਈ ਜਗਰੂਪ ਸਿੰਘ, ਭਾਈ ਹਿੰਮਤਵੀਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਸਿਮਰਨਜੀਤ ਸਿੰਘ ਤੇ ਭਾਈ ਲਖਵਿੰਦਰ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਪਠਾਨਕੋਟ ਦੇ ਨਗਰ ਸੈਣੀ ਵਿਖੇ ਬੱਚਿਆਂ ਦੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ



ਪਠਾਨਕੋਟ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਦੇ ਨਿਰਦੇਸ਼ਾਂ ਅਨੁਸਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਚਲਾਈ ਜਾ ਰਹੀ ਧਰਮ ਪ੍ਰਚਾਰ ਲਹਿਰ ਤਹਿਤ ਜ਼ਿਲ੍ਹਾ ਪਠਾਨਕੋਟ ਦੇ ਨਗਰ ਉਪਰਲੀ ਸੈਣੀ ਵਿਖੇ ਬੱਚਿਆਂ ਦੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ ਅਤੇ ਭਾਈ ਜਗਦੇਵ ਸਿੰਘ ਨੇ ਬੱਚਿਆਂ ਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਬੱਚਿਆਂ ਨਾਲ ਸ਼ਹੀਦ ਭਾਈ ਤਾਰੂ ਸਿੰਘ ਦੇ ਜੀਵਨ ਬਾਰੇ ਵਿਚਾਰ ਸਾਂਝੇ ਕੀਤੇ ਅਤੇ ਦਸਤਾਰ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਸਿੱਖੀ ਸਰੂਪ ਵਿਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕੀਤੀ। ਦਸਤਾਰ ਮੁਕਾਬਲੇ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ।

# ਸ਼ਹੀਦੀ ਸਭਾ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ

## ਨੌਜੁਆਨੀ ਨੂੰ ਧਰਮ ਦੀਆਂ ਕਦਰਾਂ ਕੀਮਤਾਂ ਨਾਲ ਜੋੜਨ ਲਈ ਬੀਬੀਆਂ ਯੋਗਦਾਨ ਪਾਉਣ-ਬੀਬੀ ਜਗੀਰ ਕੌਰ






ਸ੍ਰੀ ਫ਼ਤਹਿਗੜ੍ਹ ਸਾਹਿਬ- ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਵੱਡੀ ਗਿਣਤੀ ਸੰਗਤਾਂ ਨੇ ਨਤਮਸਤਕ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਦੌਰਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਵੱਖ-ਵੱਖ ਸ਼ਖ਼ਸੀਅਤਾਂ ਨੇ ਪੁੱਜ ਕੇ ਸਾਹਿਬਜ਼ਾਦਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਵੀ ਗੁਰੂ ਘਰ ਨਤਮਸਤਕ ਹੋਏ ਅਤੇ ਉਨ੍ਹਾਂ ਨੇ ਦੀਵਾਨ ਟੋਡਰ ਮੱਲ ਦੀਵਾਨ ਹਾਲ ਵਿਖੇ ਮਾਤਾ ਗੁਜਰੀ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਵਿਚ ਸ਼ਿਰਕਤ ਕਰਕੇ ਵਿਚਾਰ ਸਾਂਝੇ ਕੀਤੇ। ਇਸ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਪੰਜਾਬ ਭਰ ਤੋਂ ਬੀਬੀਆਂ ਪੁੱਜੀਆਂ ਹੋਈਆਂ ਸਨ। ਸਮਾਗਮ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਜਿਥੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦਾ ਸ਼ਾਨਾਮੱਤਾ ਇਤਿਹਾਸ ਸਾਂਝਾ ਕੀਤਾ, ਉਥੇ ਹੀ ਸਿੱਖ ਬੀਬੀਆਂ ਨੂੰ ਬੱਚਿਆਂ ਤੇ ਨੌਜੁਆਨਾਂ ਅੰਦਰ ਸਿੱਖ ਇਤਿਹਾਸ ਦ੍ਰਿੜ੍ਹ ਕਰਵਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਨੌਜੁਆਨੀ ਅੰਦਰ ਧਰਮ ਦੀਆਂ ਕਦਰਾਂ-ਕੀਮਤਾਂ ਦਾ ਸੰਚਾਰ ਕਰਨ ਲਈ ਬੀਬੀਆਂ ਯੋਗਦਾਨ ਪਾਉਣ। ਬੀਬੀ ਜਗੀਰ ਕੌਰ ਨੇ ਇਤਿਹਾਸਕ ਹਵਾਲੇ ਦਿੰਦਿਆਂ ਕਿਹਾ ਕਿ ਗੁਰੂ ਸਾਹਿਬਾਨ ਨੇ ਔਰਤਾਂ ਨੂੰ ਸਮਾਜ ਅੰਦਰ ਬਰਾਬਰਤਾ ਦਾ ਸਤਿਕਾਰ ਦੇ ਕੇ ਨਿਵਾਜਿਆ, ਜੋ ਆਪਣੇ ਆਪ ਵਿਚ ਇਕ ਕ੍ਰਾਂਤੀਕਾਰੀ ਕਦਮ ਸੀ। ਉਨ੍ਹਾਂ ਕਿਹਾ ਕਿ ਅੱਜ ਬੀਬੀਆਂ ਨੂੰ ਆਪਣੇ ਇਤਿਹਾਸ ਨਾਲ ਜੁੜ ਕੇ ਮਾਤਾ ਗੁਜਰੀ ਜੀ ਦੀ ਸੋਚ ਦੀਆਂ ਪਹਿਰੇਦਾਰ ਬਣਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਮਾਤਾ ਗੁਜਰੀ ਜੀ ਨੇ ਆਪਣੇ ਛੋਟੇ ਲਾਲਾਂ ਨੂੰ ਸਿੱਖੀ ਸਿਦਕ ਤੇ ਦ੍ਰਿੜ੍ਹਤਾ ਦਾ ਪਾਠ ਪੜਾਇਆ, ਅੱਜ ਹਰ ਮਾਂ ਦਾ ਫ਼ਰਜ਼ ਹੈ ਕਿ ਇਸ ਵਿਰਾਸਤ ਦੀ ਰੌਸ਼ਨੀ ਵਿਚ ਬੱਚਿਆਂ ਨੂੰ ਗੁਰਮਤਿ ਫਲਸਫੇ ਨਾਲ ਜੋੜੇ। ਉਨ੍ਹਾਂ ਹਾਜ਼ਰ ਸੰਗਤਾਂ ਨੂੰ ਸਿੱਖ ਰਹਿਤ ਮਰਯਾਦਾ ਤੇ ਦ੍ਰਿੜ੍ਹਤਾ ਨਾਲ ਪਹਿਰਾ ਦੇਣ ਅਤੇ ਇਸ ਅਨੁਸਾਰ ਜੀਵਨ ਜਿਊਣ ਦੀ ਵੀ ਪ੍ਰੇਰਣਾ ਕੀਤੀ। ਬੀਬੀ ਜਗੀਰ ਕੌਰ ਨੇ ਭਲਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਤੱਕ ਸਜਾਏ ਜਾਣ ਵਾਲੇ ਨਗਰ ਕੀਰਤਨ ਦੀ ਸਮਾਪਤੀ ਮੌਕੇ ਦੁਪਹਿਰ 1:00 ਵਜੇ ਹੋਣ ਵਾਲੀ ਅਰਦਾਸ ਦਾ ਸਮੁੱਚੇ ਸਿੱਖ ਜਗਤ ਨੂੰ ਹਿੱਸਾ ਬਣਨ ਦੀ ਅਪੀਲ ਵੀ ਕੀਤੀ।

ਇਸ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਚੰਡੀਗੜ੍ਹ ਅਤੇ ਬੀਬੀ ਪਰਮਜੀਤ ਕੌਰ ਸ੍ਰੀ ਅਨੰਦਪੁਰ ਸਾਹਿਬ ਨੇ ਵੀ ਸੰਬੋਧਨ ਕੀਤਾ। ਇਸ ਤੋਂ ਇਲਾਵਾ ਵੱਖ-ਵੱਖ ਬੀਬੀਆਂ ਦੇ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਤੇ ਇਤਿਹਾਸ ਨਾਲ ਜੋੜਿਆ ਗਿਆ। ਦੱਸਣਯੋਗ ਹੈ ਕਿ ਗੁਰਮਤਿ ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਅਰਦਾਸ ਕਰਨ ਦੀ ਸੇਵਾ ਨਿਭਾਈ, ਜਦਕਿ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਨੇ ਸੰਗਤ ਨੂੰ ਹੁਕਮਨਾਮਾ ਸਰਵਣ ਕਰਵਾਇਆ।

ਇਸ ਮੌਕੇ ਹੈੱਡ ਗ੍ਰੰਥੀ ਗਿਆਨੀ ਹਰਪਾਲ ਸਿੰਘ, ਅੰਤ੍ਰਿੰਗ ਮੈਂਬਰ ਸ. ਸਤਵਿੰਦਰ ਸਿੰਘ ਟੌਹੜਾ, ਸ. ਅਜਮੇਰ ਸਿੰਘ ਖੇੜਾ, ਸ. ਬਲਦੇਵ ਸਿੰਘ ਚੂੰਘਾਂ, ਬੀਬੀ ਕੁਲਦੀਪ ਕੌਰ ਟੌਹੜਾ, ਸ. ਕਰਨੈਲ ਸਿੰਘ ਪੰਜੋਲੀ, ਸ. ਅਵਤਾਰ ਸਿੰਘ ਰਿਆ, ਸ. ਰਵਿੰਦਰ ਸਿੰਘ ਖ਼ਾਲਸਾ, ਬੀਬੀ ਰਣਜੀਤ ਕੌਰ ਮਾਹਿਲਪੁਰ, ਬੀਬੀ ਪਰਮਜੀਤ ਕੌਰ ਲਾਂਡਰਾਂ, ਬੀਬੀ ਜੋਗਿੰਦਰ ਕੌਰ ਬਠਿੰਡਾ, ਸ. ਬਲਜੀਤ ਸਿੰਘ ਜਲਾਲਉਸਮਾ, ਡਾ. ਤੇਜਿੰਦਰ ਕੌਰ ਧਾਲੀਵਾਲ, ਪ੍ਰਿੰ: ਸਤਵੰਤ ਕੌਰ, ਡਾ. ਕੰਵਲਜੀਤ ਕੌਰ, ਡਾ. ਹਰਬੰਸ ਕੌਰ, ਡਾ. ਸੁਖਬੀਰ ਸਿੰਘ, ਡਾ. ਰਾਜਿੰਦਰ ਕੌਰ, ਡਾ. ਕੁਲਦੀਪ ਕੌਰ, ਬੀਬੀ ਹਰਮੀਤ ਕੌਰ ਅਨੰਦ, ਮੀਤ ਸਕੱਤਰ ਸ. ਹਰਜੀਤ ਸਿੰਘ ਲਾਲੂਘੁੰਮਣ, ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਬਲਵਿੰਦਰ ਸਿੰਘ ਭੰਮਾਰਸੀ, ਸ. ਭਗਵੰਤ ਸਿੰਘ ਧੰਗੇੜਾ ਆਦਿ ਹਾਜ਼ਰ ਸਨ।

# ਆਸਟਰੀਆ 'ਚ ਸਿੱਖ ਧਰਮ ਨੂੰ ਰਜਿਸਟ੍ਰੇਸ਼ਨ ਮਿਲਣ 'ਤੇ ਬੀਬੀ ਜਗੀਰ ਕੌਰ ਨੇ ਦਿੱਤੀ ਵਧਾਈ

ਅੰਮ੍ਰਿਤਸਰ- ਯੂਰਪੀ ਦੇਸ਼ ਆਸਟਰੀਆ ਅੰਦਰ ਸਿੱਖ ਧਰਮ ਨੂੰ ਰਜਿਸਟ੍ਰੇਸ਼ਨ ਮਿਲਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਸਿੱਖ ਜਗਤ ਨੂੰ ਵਧਾਈ ਦਿੱਤੀ ਹੈ। ਆਸਟਰੀਆ ਦੀਆਂ ਸੰਗਤਾਂ ਦੇ ਯਤਨਾਂ ਨਾਲ ਮਿਲੀ ਇਸ ਪ੍ਰਾਪਤੀ ਨੂੰ ਬੀਬੀ ਜਗੀਰ ਕੌਰ ਨੇ ਕੌਮ ਦੀ ਇਕ ਅਹਿਮ ਪ੍ਰਾਪਤੀ ਕਰਾਰ ਦਿੱਤਾ ਹੈ। ਉਨ੍ਹਾਂ ਆਖਿਆ ਕਿ ਅੱਜ ਪੂਰੀ ਦੁਨੀਆਂ ਅੰਦਰ ਸਿੱਖਾਂ ਨੇ ਆਪਣੀ ਪਛਾਣ ਸਥਾਪਿਤ ਕੀਤੀ ਹੈ ਅਤੇ ਸਖ਼ਤ ਮਿਹਨਤ ਤੇ ਲਿਆਕਤ ਨਾਲ ਵੱਖ-ਵੱਖ ਦੇਸ਼ਾਂ ਅੰਦਰ ਵੱਡੀਆਂ ਪ੍ਰਾਪਤੀਆਂ ਕੀਤੀਆਂ ਹਨ। ਸਿੱਖ ਕੌਮ ਦੀ ਮੌਲਿਕਤਾ ਨੂੰ ਇਸ ਦੇ ਸਿਧਾਂਤ ਅਤੇ ਇਤਿਹਾਸ ਵਿੱਚੋਂ ਦੇਖਿਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਹੁਣ ਜਦੋਂ ਆਸਟਰੀਆ ਦੇਸ਼ ਅੰਦਰ ਸਿੱਖ ਧਰਮ ਨੂੰ ਰਜਿਸਟ੍ਰੇਸ਼ਨ ਪ੍ਰਾਪਤ ਹੋਈ ਹੈ, ਤਾਂ ਇਸ ਨਾਲ ਵਿਦੇਸ਼ਾਂ ਅੰਦਰ ਸਿੱਖ ਪਛਾਣ ਸਬੰਧੀ ਪਾਈ ਜਾਂਦੀ ਦੁਬਿਧਾ ਦੂਰ ਹੋਣ ਵਿਚ ਮੱਦਦ ਮਿਲੇਗੀ। ਬੀਬੀ ਜਗੀਰ ਕੌਰ ਨੇ ਕਿਹਾ ਕਿ ਸਿੱਖਾਂ ਨੇ ਜਿਸ ਵੀ ਦੇਸ਼ ਵਿਚ ਨਿਵਾਸ ਕੀਤਾ, ਉਥੋਂ ਦੀ ਤਰੱਕੀ ਅਤੇ ਖ਼ੁਸ਼ਹਾਲੀ ਅਹਿਮ ਯੋਗਦਾਨ ਪਾਇਆ। ਯੂਰਪੀ ਦੇਸ਼ਾਂ ਅੰਦਰ ਵੀ ਵੱਡੀ ਗਿਣਤੀ ਵਿਚ ਸਿੱਖ ਵੱਸਦੇ ਹਨ ਅਤੇ ਇਨ੍ਹਾਂ ਦੇਸ਼ਾਂ ਅੰਦਰ ਸਿੱਖਾਂ ਨੇ ਗੁਰੂ ਘਰ ਸਥਾਪਿਤ ਕਰਕੇ ਸਿੱਖ ਪ੍ਰੰਪਰਾਵਾਂ ਨੂੰ ਅੱਗੇ ਤੋਰਿਆ ਹੈ। ਉਨ੍ਹਾਂ ਵੱਖ-ਵੱਖ ਦੇਸ਼ਾਂ ਅੰਦਰ ਵੱਸਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਸਮੂਹਿਕ ਰੂਪ ਵਿਚ ਅਜਿਹੇ ਯਤਨ ਕਰਦੇ ਰਹਿਣ, ਤਾਂ ਜੋ ਸਿੱਖ ਪਛਾਣ ਦਾ ਜ਼ੋਰਦਾਰ ਤਰੀਕੇ ਨਾਲ ਪ੍ਰਚਾਰ ਹੋ ਸਕੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਆਸਟਰੀਆ ਦੀ ਸਰਕਾਰ ਦਾ ਵੀ ਇਸ ਸਬੰਧ ਵਿਚ ਧੰਨਵਾਦ ਕੀਤਾ।

# ਮਾਝਾ ਜੋਨ ਦੇ ਤਿੰਨ ਸ਼ਹਿਰਾਂ ਦੇ ਬੱਚਿਆਂ ਦੇ ਗੁਰਬਾਣੀ ਕੰਠ ਤੇ ਅਰਥ ਬੋਧ ਮੁਕਾਬਲੇ ਕਰਵਾਏ



ਲੋਹੀਆਂ ਖਾਸ- ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਨੌਜਵਾਨਾਂ ਅਤੇ ਬੱਚਿਆਂ ਨੂੰ ਗੁਰਬਾਣੀ ਅਤੇ ਸਿੱਖ ਵਿਰਸੇ ਨਾਲ ਜੋੜਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਜਿਲ੍ਹਾ ਜਲੰਧਰ, ਕਪੂਰਥਲਾ ਅਤੇ ਫਿਰੋਜਪੁਰ ਦੇ ਬੱਚਿਆਂ ਦੇ ਜਪੁਜੀ ਸਾਹਿਬ ਕੰਠ ਅਤੇ ਅਰਥ ਬੋਧ ਕੈਂਪ ਲਗਾਏ ਗਏ। ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਸਾਹਿਬਾਨ ਦੀ ਦੇਖ-ਰੇਖ ਹੇਠ ਮਾਝਾ ਜੋਨ ਤਹਿਤ ਭਾਈ ਹਰਜੀਤ ਸਿੰਘ ਇੰਚਾਰਜ ਦੇ ਉਦਮ ਨਾਲ ਲਗਾਏ ਗਏ ਵੱਖ-ਵੱਖ ਕੈਂਪਾਂ ਉਪਰੰਤ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਲੋਹੀਆਂ ਖਾਸ ਜਿਲ੍ਹਾ ਜਲੰਧਰ ਵਿਖੇ ਕਰਵਾਏ ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਗੁਰਬਾਣੀ ਕੰਠ ਕਰਨ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਅਤੇ ਸੁੰਦਰ ਦਸਤਾਰਾ ਸਜਾਉਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ। ਗਿਆਨੀ ਹਰਪ੍ਰੀਤ ਸਿੰਘ ਨੇ ਗੁਰਬਾਣੀ ਕੰਠ ਕਰਨ ਵਾਲੇ ਬੱਚਿਆਂ ਦੀ ਸ਼ਲਾਘਾ ਕਰਦਿਆਂ ਸਨਮਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸ. ਜਰਨੈਲ ਸਿੰਘ ਮੈਨੇਜਰ ਗੁਰਦਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ, ਭਾਈ ਦਲਜੀਤ ਸਿੰਘ ਹੈੱਡ ਗ੍ਰੰਥੀ, ਭਾਈ ਹਰਜੀਤ ਸਿੰਘ ਇੰਚਾਰਜ ਮਾਝਾ ਜੋਨ ਅਤੇ ਖਾਲਸਾ ਸੇਵਾ ਵੈਲਫੇਅਰ ਸੁਸਾਇਟੀ ਲੋਹੀਆਂ ਖਾਸ ਦੇ ਅਹੁਦੇਦਾਰ ਹਾਜਰ ਸਨ।



ਸਿੱਖ ਮਿਸ਼ਨ ਹਰਿਆਣਾ ਵੱਲੋਂ ਗੁਰਦੁਆਰਾ ਬਾਦਸ਼ਾਹੀ ਬਾਗ ਅੰਬਾਲਾ ਵਿਖੇ ਕਰਵਾਏ ਅੰਮ੍ਰਿਤ ਸੰਚਾਰ ਸਮਾਗਮ ਵਿਚ 18 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸਿੱਖ ਮਿਸ਼ਨ ਯੂ. ਪੀ. ਵੱਲੋਂ ਰਾਮਪੁਰ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ 32 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।



ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਅੰਮ੍ਰਿਤ ਸੰਚਾਰ ਸਮਾਗਮ ਸਮੇਂ 32 ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਗੁਰੂ ਵਾਲੇ ਬਣੇ।

# ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅੜੀ ਛੱਡ ਕੇ ਕਿਸਾਨਾਂ ਦੀਆਂ ਭਾਵਨਾਵਾਂ ਦੀ ਕਦਰ ਕਰਨ-ਬੀਬੀ ਜਗੀਰ ਕੌਰ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਮੁਲਾਜ਼ਮਾਂ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੂੰ ਪ੍ਰਧਾਨ ਨਿਯੁਕਤ ਹੋਣ 'ਤੇ ਵਧਾਈ ਦਿੱਤੀ ਗਈ ਅਤੇ ਗੁਰੂ ਬਖ਼ਸ਼ਿਸ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਸ਼੍ਰੋਮਣੀ ਕਮੇਟੀ ਕਮੇਟੀ ਵਿਖੇ ਸਾਬਕਾ ਅਧਿਕਾਰੀਆਂ ਨੇ ਬੀਬੀ ਜਗੀਰ ਕੌਰ ਨਾਲ ਇਕੱਤਰਤਾ ਵੀ ਕੀਤੀ, ਜਿਸ ਦੌਰਾਨ ਉਨ੍ਹਾਂ ਨੇ ਜਿਥੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਸ਼ੁਭਕਾਮਨਾਵਾਂ ਦਿੱਤੀਆਂ, ਉਥੇ ਹੀ ਧਰਮ ਪ੍ਰਚਾਰ ਸਮੇਤ ਸੰਸਥਾ ਦੇ ਕਾਰਜਾਂ ਤੋਂ ਸੰਗਤ ਨੂੰ ਜਾਣੂ ਕਰਵਾਉਣ ਲਈ ਸਹਿਯੋਗੀ ਬਣੇ ਰਹਿਣ ਦਾ ਭਰੋਸਾ ਦਿੱਤਾ।

ਇਸ ਮੌਕੇ ਬੀਬੀ ਜਗੀਰ ਕੌਰ ਨੇ ਆਖਿਆ ਕਿ ਸਾਬਕਾ ਅਧਿਕਾਰੀਆਂ ਅਤੇ ਕਰਮਚਾਰੀਆਂ ਕੋਲ ਸ਼੍ਰੋਮਣੀ ਕਮੇਟੀ ਦੇ ਕੰਮ-ਕਾਜ ਦਾ ਲੰਮਾ ਤਜ਼ਰਬਾ ਹੈ, ਜਿਸ ਲਈ ਇਨ੍ਹਾਂ ਪਾਸੋਂ ਸਮੇਂ-ਸਮੇਂ ਸੁਝਾਅ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸਮੁੱਚੇ ਪੰਥ ਦੀ ਨੁਮਾਇੰਦਾ ਸੰਸਥਾ ਹੈ ਅਤੇ ਇਹ ਧਰਮ ਪ੍ਰਚਾਰ ਦੇ ਨਾਲ-ਨਾਲ ਸਮਾਜ ਭਲਾਈ ਦੇ ਕੰਮਾਂ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਸੇ ਤਹਿਤ ਹੀ ਮੌਜੂਦਾ ਸਮੇਂ ਕਿਸਾਨ ਸੰਘਰਸ਼ ਵਿਚ ਸ਼੍ਰੋਮਣੀ ਕਮੇਟੀ ਸਹਿਯੋਗੀ ਬਣੀ ਹੋਈ ਹੈ। ਦਿੱਲੀ ਵਿਖੇ ਕਿਸਾਨਾਂ ਲਈ ਲੰਗਰ, ਮੈਡੀਕਲ ਸੇਵਾਵਾਂ, ਰਹਿਣ ਲਈ ਪ੍ਰਬੰਧ ਕਰਨ ਸਮੇਤ ਬੀਬੀਆਂ ਲਈ ਆਰਜ਼ੀ ਬਾਥਰੂਮਾਂ ਦੀ ਸਹੂਲਤ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸੰਘਰਸ਼ ਦੌਰਾਨ ਚਲਾਣਾ ਕਰਨ ਵਾਲੇ ਕਿਸਾਨਾਂ ਦੇ ਪਰਿਵਾਰਾਂ ਨੂੰ ਇਕ-ਇਕ ਲੱਖ ਰੁਪਏ ਦੀ ਮਾਲੀ ਮੱਦਦ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿਚ ਦੋ ਟਰੱਕ ਗੱਦਿਆਂ ਅਤੇ ਕੰਬਲਾਂ ਦੇ ਵੀ ਭੇਜੇ ਗਏ ਹਨ ਅਤੇ ਲੋੜ ਪੈਣ 'ਤੇ ਹੋਰ ਪ੍ਰਬੰਧ ਵੀ ਕੀਤੇ ਜਾਣਗੇ।

ਇਸ ਦੌਰਾਨ ਬੀਬੀ ਜਗੀਰ ਕੌਰ ਨੇ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਉਹ ਆਪਣੀ ਅੜੀ ਛੱਡ ਕੇ ਠੰਡ ਦੇ ਮੌਸਮ ਵਿਚ ਆਪਣੀ ਹੋਂਦ ਦੀ ਲੜਾਈ ਲੜ ਰਹੇ ਕਿਸਾਨਾਂ ਦੀਆਂ ਭਾਵਨਾਵਾਂ ਦੀ ਕਦਰ ਕਰਨ ਅਤੇ ਕਾਨੂੰਨ ਵਾਪਸ ਲੈਣ ਦਾ ਐਲਾਨ ਕਰਨ। ਇਸ ਮੌਕੇ ਸਾਬਕਾ ਮੁਲਾਜ਼ਮਾਂ ਨੇ ਸ਼੍ਰੋਮਣੀ ਕਮੇਟੀ ਵੱਲੋਂ ਕਿਸਾਨਾਂ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਮੀਤ ਸਕੱਤਰ ਤੇ ਸ਼੍ਰੋਮਣੀ ਕਮੇਟੀ ਬੁਲਾਰਾ ਸ. ਕੁਲਵਿੰਦਰ ਸਿੰਘ ਰਮਦਾਸ, ਨਿੱਜੀ ਸਹਾਇਕ ਡਾ. ਅਮਰੀਕ ਸਿੰਘ ਲਤੀਫਪੁਰ, ਡਾ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਸਾਬਕਾ ਅਧਿਕਾਰੀ ਸ. ਜੋਗਿੰਦਰ ਸਿੰਘ ਅਦਲੀਵਾਲ, ਸ. ਦਿਲਜੀਤ ਸਿੰਘ ਬੇਦੀ, ਸ. ਸਤਬੀਰ ਸਿੰਘ, ਸ. ਬਲਵਿੰਦਰ ਸਿੰਘ ਜੋੜਾਸਿੰਘਾ, ਸ. ਹਰਜੀਤ ਸਿੰਘ, ਸ. ਬਲਬੀਰ ਸਿੰਘ, ਸ. ਰਾਜ ਸਿੰਘ, ਸ. ਪਰਵਿੰਦਰ ਸਿੰਘ ਡੰਡੀ, ਸ. ਹਰਿੰਦਰਪਾਲ ਸਿੰਘ, ਸ. ਪ੍ਰੀਤਮ ਸਿੰਘ ਪੁਰੀ, ਸ. ਰਣਜੀਤ ਸਿੰਘ, ਸ. ਬਲਕਾਰ ਸਿੰਘ, ਸ. ਦਿਲਬਾਗ ਸਿੰਘ, ਸ. ਇੰਦਰਪਾਲ ਸਿੰਘ, ਸ. ਬਲਕਾਰ ਸਿੰਘ ਜੌੜਾ, ਸ. ਸੁਰਿੰਦਰ ਸਿੰਘ, ਸ. ਕੁਲਦੀਪ ਸਿੰਘ ਬਾਵਾ, ਸ. ਰਾਮਿੰਦਰਬੀਰ ਸਿੰਘ, ਸ. ਜਤਿੰਦਰ ਸਿੰਘ ਭੋਲੂ, ਸ. ਕਸ਼ਮੀਰ ਸਿੰਘ ਪੱਟੀ, ਸ. ਚਰਨਜੀਤ ਸਿੰਘ ਖਜਾਨਚੀ, ਸ. ਬਲਵਿੰਦਰ ਸਿੰਘ ਸੰਧੂ, ਸ. ਜਸਵਿੰਦਰ ਸਿੰਘ ਦੀਨਪੁਰ, ਸ. ਅਜਾਇਬ ਸਿਘ, ਸ. ਜੇਠਾ ਸਿੰਘ, ਪ੍ਰੋ: ਸੂਬਾ ਸਿੰਘ, ਸ. ਮਹਿਤਾਬ ਸਿੰਘ, ਸ. ਗੁਰਬਚਨ ਸਿੰਘ, ਸ. ਸ਼ੇਰ ਸਿੰਘ, ਸ. ਕੁਲਵੰਤ ਸਿੰਘ, ਸ. ਬਲਵਿੰਦਰ ਸਿੰਘ ਭਿੰਡਰ, ਸ. ਪਰਮਿੰਦਰ ਸਿੰਘ ਤਖ਼ਤੂਚੱਕ, ਸ. ਅਜੀਤ ਸਿੰਘ ਪੱਲਾ ਸਾਰੇ ਮੈਂਬਰ ਸਾਹਿਬਾਨ ਆਦਿ ਹਾਜ਼ਰ ਸਨ।

# ਦਸਵੇਂ ਪਾਤਸ਼ਾਹ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ ਆਯੋਜਿਤ

## ਸਾਹਿਬਜ਼ਾਦਿਆਂ ਦੀਆਂ ਸ਼ਹਾਦਤਾਂ ਹੱਕ, ਸੱਚ ਅਤੇ ਧਰਮ ਦੀ ਰਖਵਾਲੀ ਲਈ ਉੱਘੜਵੀਂ ਮਿਸਾਲ- ਬੀਬੀ ਜਗੀਰ ਕੌਰ








ਅੰਮ੍ਰਿਤਸਰ- ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫ਼ਤਹਿ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਵਿਚ 22 ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਬੱਚਿਆਂ ਨੇ ਜਪੁਜੀ ਸਾਹਿਬ ਦਾ ਸੰਗਤੀ ਰੂਪ ਵਿਚ ਪਾਠ ਕੀਤਾ ਅਤੇ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਕੀਰਤਨ, ਕਵੀਸ਼ਰੀ ਅਤੇ ਕਵਿਤਾਵਾਂ ਆਦਿ ਰਾਹੀਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਸਮੇਤ ਸ੍ਰੀ ਚਮਕੌਰ ਸਾਹਿਬ ਦੇ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਸਮੇਤ ਗੁਰੂ ਦੇ ਪਿਆਰੇ ਸਿੱਖਾਂ ਤੇ ਮਾਤਾ ਗੁਜਰੀ ਜੀ ਦੀਆਂ ਸ਼ਹਾਦਤਾਂ ਹੱਕ, ਸੱਚ ਅਤੇ ਧਰਮ ਦੀ ਰੱਖਵਾਲੀ ਲਈ ਉੱਘੜਵੀਂ ਮਿਸਾਲ ਹਨ। ਸਿੱਖ ਇਤਿਹਾਸ ਦੇ ਇਨ੍ਹਾਂ ਪੰਨਿਆਂ ਤੋਂ ਸੰਗਤਾਂ ਅਤੇ ਖ਼ਾਸਕਰ ਨੌਜੁਆਨ ਪੀੜ੍ਹੀ ਦਾ ਜਾਣੂ ਹੋਣਾ ਬੇਹੱਦ ਜ਼ਰੂਰੀ ਹੈ। ਇਸੇ ਮੰਤਵ ਨਾਲ ਹੀ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ 22 ਦਸੰਬਰ ਨੂੰ ਇਹ ਗੁਰਮਤਿ ਸਮਾਗਮ ਕਰਵਾਇਆ ਜਾਂਦਾ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੇ ਜੀਵਨ-ਇਤਿਹਾਸ ਨਾਲ ਜੋੜਨ ਲਈ ਉਪਰਾਲੇ ਕਰਨ, ਤਾਂ ਜੋ ਉਨ੍ਹਾਂ ਅੰਦਰ ਕੌਮ ਅਤੇ ਸਮਾਜ ਲਈ ਕੁਝ ਕਰਨ ਦਾ ਜਜ਼ਬਾ ਪੈਦਾ ਹੋ ਸਕੇ। ਉਨ੍ਹਾਂ ਗੁਰਮਤਿ ਸਮਾਗਮ ਵਿਚ ਸ਼ਾਮਲ ਹੋਣ ਵਾਲੇ ਸਕੂਲਾਂ ਲਈ 21-21 ਹਜ਼ਾਰ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਤੋਂ ਪਹਿਲਾਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਸਮਾਗਮ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿੱਟੇਵੱਡ, ਜਨਰਲ ਸਕੱਤਰ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ, ਅੰਤ੍ਰਿੰਗ ਮੈਂਬਰ ਸ. ਨਵਤੇਜ ਸਿੰਘ ਕਾਉਣੀ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਮਨਜੀਤ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸਹਾਇਕ ਡਾਇਰੈਕਟਰ ਪ੍ਰਿੰ: ਸਤਵੰਤ ਕੌਰ, ਫੈਡਰੇਸ਼ਨ ਆਗੂ ਸ. ਕੰਵਰਚੜ੍ਹਤ ਸਿੰਘ ਗਿੱਲ ਆਦਿ ਹਾਜ਼ਰ ਸਨ।

# ਬੀਬੀ ਜਗੀਰ ਕੌਰ ਨੇ ਸੂਚਨਾ ਤਕਨੀਕ ਵਿਭਾਗ ਦੇ ਨਵੇਂ ਦਫ਼ਤਰ ਦਾ ਕੀਤਾ ਉਦਘਾਟਨ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਰਮ ਪ੍ਰਚਾਰ ਸਮਾਗਮਾਂ ਦੇ ਨਾਲ-ਨਾਲ ਸ਼੍ਰੋਮਣੀ ਕਮੇਟੀ ਦੀਆਂ ਗਤੀਵਿਧੀਆਂ ਅਤੇ ਪ੍ਰਾਪਤੀਆਂ ਨੂੰ ਸੋਸ਼ਲ ਮੀਡੀਆ ਰਾਹੀਂ ਦੇਸ਼ ਵਿਦੇਸ਼ ਦੀਆਂ ਸੰਗਤਾਂ ਤੱਕ ਪਹੁੰਚਾਉਣ ਲਈ ਸੂਚਨਾ ਤਕਨੀਕ ਵਿਭਾਗ ਦਾ ਵਿਸਥਾਰ ਕੀਤਾ ਗਿਆ ਹੈ। ਇਸ ਤਹਿਤ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਸਰਗਰਮੀਆਂ ਨੂੰ ਵੱਖ-ਵੱਖ ਸੋਸ਼ਲ ਮੀਡੀਆ ਮੰਚਾਂ ਰਾਹੀਂ ਪ੍ਰਚਾਰਿਆ ਜਾਵੇਗਾ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਸੂਚਨਾ ਤਕਨੀਕ ਵਿਭਾਗ ਦੇ ਨਵੇਂ ਦਫ਼ਤਰ ਦਾ ਰਸਮੀ ਉਦਘਾਟਨ ਕਰਨ ਮੌਕੇ ਕੀਤਾ। ਬੀਬੀ ਜਗੀਰ ਕੌਰ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦੀਆਂ ਸੇਵਾਵਾਂ ਬਹੁਤ ਵੱਡੀਆਂ ਹਨ, ਜਿਨ੍ਹਾਂ ਨੂੰ ਸੰਗਤ ਤੱਕ ਪਹੁੰਚਾਉਣ ਲਈ ਸੂਚਨਾ ਤਕਨੀਕ ਵਿਭਾਗ ਨੂੰ ਹੋਰ ਮਜ਼ਬੂਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਆਈ.ਟੀ. ਖੇਤਰ ਨਾਲ ਸਬੰਧਤ 20 ਦੇ ਕਰੀਬ ਕਰਮਚਾਰੀ ਭਰਤੀ ਕੀਤੇ ਗਏ ਹਨ ਅਤੇ ਜਲਦ ਹੀ ਸਟੂਡੀਉ ਸਥਾਪਿਤ ਕਰਨ ਦੀ ਵੀ ਯੋਜਨਾ ਹੈ। ਭਰਤੀ ਕੀਤੇ ਗਏ ਕਰਮਚਾਰੀਆਂ ਵਿਚ ਐਂਕਰ, ਲੇਖਕ, ਵੀਡੀਓ ਆਡੀਟਰ, ਡੀਜ਼ਾਇਨਰ, ਕੈਮਰਾਮੈਨ ਆਦਿ ਸ਼ਾਮਲ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਧਰਮ ਪ੍ਰਚਾਰ ਕਾਰਜਾਂ ਦੇ ਨਾਲ-ਨਾਲ ਸਮਾਜਿਕ, ਵਿਦਿਅਕ ਅਤੇ ਲੋਕ ਕਲਿਆਣਕਾਰੀ ਗਤੀਵਿਧੀਆਂ ਨੂੰ ਸੰਗਤ ਤੱਕ ਭੇਜਣਾ ਸਮੇਂ ਦੀ ਵੱਡੀ ਲੋੜ ਹੈ। ਇਸ ਲਈ ਸੋਸ਼ਲ ਮੀਡੀਆ ਇਕ ਕਾਰਗਰ ਸਾਧਨ ਸਥਾਪਿਤ ਹੋ ਚੁੱਕਾ ਹੈ। ਬੀਬੀ ਜਗੀਰ ਕੌਰ ਨੇ ਭਵਿੱਖ ਵਿਚ ਸਿੱਖ ਧਰਮ, ਇਤਿਹਾਸ ਅਤੇ ਕੌਮੀ ਮਸਲਿਆਂ ਨੂੰ ਲੈ ਕੇ ਸੰਜੀਦਾ ਵਿਚਾਰ-ਚਰਚਾ ਨੂੰ ਵੀ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੂਚਨਾ ਤਕਨੀਕ ਵਿਭਾਗ ਲਈ ਗੁਰੂ ਘਰ ਦੇ ਸ਼ਰਧਾਲੂ ਸ. ਸਤਪਾਲ ਸਿੰਘ ਮੁਲਤਾਨੀ ਰਿਚੀ ਟ੍ਰੈਵਲ ਜਲੰਧਰ ਅਤੇ ਸ. ਮਨਮੋਹਨ ਸਿੰਘ ਕਪੂਰਥਲਾ ਨੇ ਵੱਡਾ ਸਹਿਯੋਗ ਕੀਤਾ ਹੈ। ਉਨ੍ਹਾਂ ਨੇ ਇਸ ਵਿਭਾਗ ਲਈ ਹਰ ਲੋੜੀਂਦਾ ਸਮਾਨ ਜਿਸ ਦੀ ਕੀਮਤ ਕਰੀਬ 30 ਲੱਖ ਰੁਪਏ ਹੈ, ਮੁਹੱਈਆ ਕਰਵਾਇਆ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਸੰਗਤ ਦੀ ਸੰਸਥਾ ਹੈ ਅਤੇ ਇਸ ਦੇ ਹਰ ਕਾਰਜ ਤੋਂ ਸੰਗਤ ਦਾ ਜਾਣੂ ਹੋਣਾ ਜ਼ਰੂਰੀ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਸੁਖਮਿੰਦਰ ਸਿੰਘ, ਓ.ਐਸ.ਡੀ. ਡਾ. ਅਮਰੀਕ ਸਿੰਘ, ਡਾ. ਸੁਖਬੀਰ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

## ਬੀਬੀ ਜਗੀਰ ਕੌਰ ਨੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਮਾਤਾ ਉਪਕਾਰ ਕੌਰ ਦੇ ਚਲਾਣੇ 'ਤੇ ਦੁਖ ਪ੍ਰਗਟ ਕੀਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਮਾਤਾ ਉਪਕਾਰ ਕੌਰ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਬੀਬੀ ਜਗੀਰ ਕੌਰ ਨੇ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਵਿਛੜੀ ਰੂਹ ਨੂੰ ਸ਼ਰਧਾਂਜ਼ਲੀ ਭੇਟ ਕੀਤੀ। ਉਨ੍ਹਾਂ ਕਿਹਾ ਕਿ ਮਾਤਾ ਉਪਕਾਰ ਕੌਰ ਤਿਆਗ ਦੀ ਮੂਰਤ ਸਨ। ਉਨ੍ਹਾਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਸੁਰਜੀਤ ਸਿੰਘ ਭਿਟੇਵੱਡ, ਜੂਨੀਅਰ ਮੀਤ ਪ੍ਰਧਾਨ ਬਾਬਾ ਬੂਟਾ ਸਿੰਘ, ਜਨਰਲ ਸਕੱਤਰ ਐਡਵੋਕੇਟ ਭਗਵੰਤ ਸਿੰਘ ਅਤੇ ਮੁੱਖ ਸਕੱਤਰ ਐਡਵੋਕੇਟ ਹਰਜਿੰਦਰ ਸਿੰਘ ਸਮੇਤ ਹੋਰਨਾਂ ਨੇ ਵੀ ਮਾਤਾ ਉਪਕਾਰ ਕੌਰ ਦੇ ਚਲਾਣੇ 'ਤੇ ਦੁਖ ਦਾ ਇਜ਼ਹਾਰ ਕੀਤਾ।

## ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹੇ ਭਾਰਤ ਸਰਕਾਰ-ਬੀਬੀ ਜਗੀਰ ਕੌਰ

ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਤੋਂ ਖੋਲ੍ਹੇ ਜਾਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਇਸ ਸਬੰਧ ਵਿਚ ਸੰਗਤ ਦੀਆਂ ਭਾਵਨਾਵਾਂ ਦੀ ਕਦਰ ਕਰਨੀ ਚਾਹੀਦੀ ਹੈ। ਕੋਰੋਨਾ ਕਾਰਨ ਵਕਤੀ ਤੌਰ 'ਤੇ ਬੰਦ ਕੀਤਾ ਗਿਆ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਹੁਣ ਹਾਲਾਤਾਂ ਨੂੰ ਦੇਖਦਿਆਂ ਖੋਲ੍ਹ ਦੇਣਾ ਚਾਹੀਦਾ ਹੈ। ਇਸ ਸਬੰਧ ਵਿਚ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਗੌਰ ਕਰਨਾ ਚਾਹੀਦਾ ਹੈ, ਕਿਉਂਕਿ ਹੁਣ ਦੇਸ਼ ਅੰਦਰ ਧਾਰਮਿਕ ਅਸਥਾਨ 'ਤੇ ਸੰਗਤਾਂ ਆਮ ਵਾਂਗ ਜਾ ਰਹੀਆਂ ਹਨ।

# ਨੌਵੇਂ ਪਾਤਸ਼ਾਹ ਦੇ ਸ਼ਹੀਦੀ ਪੁਰਬ ਮੌਕੇ ਕੀਰਤਨ ਸਮਾਗਮ ਅਤੇ ਕਵੀ ਦਰਬਾਰ ਦਾ ਆਯੋਜਨ



ਪਟਿਆਲਾ- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਪੁਰਬ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਪਟਿਆਲਾ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਵਿਸ਼ੇਸ਼ ਤੌਰ ਤੇ ਪਹੁੰਚੇ। ਬੀਬੀ ਜਗੀਰ ਕੌਰ ਨੂੰ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਸਮੇਂ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਅਤੇ ਮੈਨੇਜਰ ਸ. ਕਰਨੈਲ ਸਿੰਘ ਵੱਲੋਂ ਸਿਰੋਪਾਓ ਨਾਲ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਦੀਵਾਨ ਹਾਲ ਵਿਖੇ ਸਜੇ ਕੀਰਤਨ ਸਮਾਗਮ ਦੌਰਾਨ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸ਼ੌਕੀਨ ਸਿੰਘ, ਭਾਈ ਸੁਖਜਿੰਦਰ ਸਿੰਘ, ਭਾਈ ਕਰਨੈਲ ਸਿੰਘ, ਭਾਈ ਜਸਵਿੰਦਰ ਸਿੰਘ, ਭਾਈ ਹਰਕੀਰਤ ਸਿੰਘ ਤੇ ਭਾਈ ਤੇਜਿੰਦਰ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਇਸ ਮੌਕੇ ਕਵੀ ਦਰਬਾਰ ਦਾ ਆਯੋਜਨ ਵੀ ਕੀਤਾ ਗਿਆ ਜਿਸ ਵਿਚ ਪੰਜਾਬੀ ਕਵੀ ਭਾਈ ਅਜੀਤ ਸਿੰਘ ਰਤਨ, ਭਾਈ ਕਰਮਜੀਤ ਸਿੰਘ ਨੂਰ, ਬੀਬੀ ਪਰਮਿੰਦਰ ਕੌਰ, ਜ਼ਮੀਰ ਅਲੀ ਜ਼ਮੀਰ, ਭਾਈ ਰਛਪਾਲ ਸਿੰਘ ਪਾਲ, ਭਾਈ ਹਰੀ ਸਿੰਘ ਜਾਚਕ, ਭਾਈ ਗੁਰਪਾਲ ਸਿੰਘ ਨਿਮਾਣਾ, ਭਾਈ ਗੁਰਬਚਨ ਸਿੰਘ ਮਾਹੀਆ, ਭਾਈ ਹਰਨੇਕ ਸਿੰਘ ਵਡਾਲੀ, ਭਾਈ ਚੈਨ ਸਿੰਘ ਚੱਕਰਵਰਤੀ, ਭਾਈ ਜੋਗਿੰਦਰ ਸਿੰਘ ਕੰਗ, ਭਾਈ ਲਾਭ ਸਿੰਘ ਝੱਮਟ, ਭਾਈ ਬਲਬੀਰ ਸਿੰਘ ਕੋਮਲ, ਭਾਈ ਬਲਬੀਰ ਸਿੰਘ ਬੱਲ, ਭਾਈ ਹਰਮਿੰਦਰਪਾਲ ਸਿੰਘ ਦਿਲਖੁਸ਼, ਭਾਈ ਜੋਗਿੰਦਰ ਸਿੰਘ ਉਮਰਾਨੰਗਲ ਤੇ ਭਾਈ ਅਵਤਾਰ ਸਿੰਘ ਤਾਰੀ ਆਦਿ ਨੇ ਗੁਰੂ ਸਾਹਿਬਾਨ ਦੇ ਇਤਿਹਾਸ ਨਾਲ ਸਬੰਧਤ ਕਵਿਤਾਵਾਂ ਸੁਣਾ ਕੇ ਸੰਗਤਾਂ ਨੂੰ ਧਰਮ ਅਤੇ ਇਤਿਹਾਸ ਨਾਲ ਜੋੜਿਆ ਗਿਆ। ਇਸ ਮੌਕੇ ਪੁੱਜੀਆਂ ਸਖਸ਼ੀਅਤਾਂ ਨੂੰ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ, ਮੈਨੇਜਰ ਕਰਨੈਲ ਸਿੰਘ ਨਾਭਾ ਵੱਲੋਂ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਪ੍ਰਚਾਰਕ ਭਾਈ ਬਲਦੇਵ ਸਿੰਘ ਓਗਰਾ, ਭਾਈ ਪਰਵਿੰਦਰ ਸਿੰਘ ਬਰਾੜਾ, ਭਾਈ ਲਖਵਿੰਦਰ ਸਿੰਘ ਅਜਰੌਰ ਆਦਿ ਵੀ ਹਾਜ਼ਰ ਸਨ।



ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਭਗਤ ਨਾਮਦੇਵ ਜੀ ਰਾਮਪੁਰਾ ਫੂਲ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ।

# ਸ਼੍ਰੋਮਣੀ ਕਮੇਟੀ ਵੱਲੋਂ ਪ੍ਰਕਾਸ਼ਤ ਸਿਰਦਾਰ ਕਪੂਰ ਸਿੰਘ ਦੇ ਅੰਗਰੇਜ਼ੀ ਲੇਖਾਂ ਦਾ ਸੰਗ੍ਰਹਿ ਸ਼੍ਰੋਮਣੀ ਕਮੇਟੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਕੀਤਾ ਸੰਗਤ ਅਰਪਣ




ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿਰਦਾਰ ਕਪੂਰ ਸਿੰਘ ਦੇ ਲਿਖੇ ਵੱਖ-ਵੱਖ ਅੰਗਰੇਜ਼ੀ ਲੇਖਾਂ ਨੂੰ ਇਕ ਸੰਗ੍ਰਹਿ ਦਾ ਰੂਪ ਦਿੱਤਾ ਗਿਆ ਹੈ, ਜਿਸ ਨੂੰ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਜਾਰੀ ਕੀਤਾ। ਇਹ ਸੰਗ੍ਰਹਿ 'ਸਿੱਖਜ਼ ਐਂਡ ਸਿੱਖਇਜ਼ਮ' ਦੇ ਅਨੁਵਾਨ ਹੇਠ ਪ੍ਰਕਾਸ਼ਤ ਕੀਤਾ ਹੈ ਅਤੇ ਇਹ ਸੰਗਤਾਂ ਵਿਚ ਭੇਟਾ ਰਹਿਤ ਵੰਡਿਆ ਜਾਵੇਗਾ। ਸਿਰਦਾਰ ਕਪੂਰ ਸਿੰਘ ਦੇ ਇਹ ਲੇਖ ਸ਼੍ਰੋਮਣੀ ਕਮੇਟੀ ਵੱਲੋਂ ਲੰਮਾ ਅਰਸਾ ਪਹਿਲਾਂ ਟ੍ਰੈਕਟਾਂ ਦੇ ਰੂਪ ਵਿਚ ਛਾਪੇ ਗਏ ਸਨ। ਸੰਨ 1973 ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨੈਸ਼ਨਲ ਪ੍ਰੋਫੈਸਰ ਆਫ਼ ਸਿੱਖਇਜ਼ਮ ਵਜੋਂ ਸਨਮਾਨੇ ਗਏ ਸਿਰਦਾਰ ਕਪੂਰ ਸਿੰਘ ਦੀਆਂ ਲਿਖਤਾਂ ਸਿੱਖ ਬੁੱਧੀਜੀਵੀਆਂ, ਖੋਜਾਰਥੀਆਂ ਅਤੇ ਸੰਗਤਾਂ ਵੱਲੋਂ ਉਤਸ਼ਾਹ ਨਾਲ ਪੜ੍ਹੀਆਂ ਜਾਂਦੀਆਂ ਹਨ।

ਪ੍ਰਕਾਸ਼ਤ ਕੀਤੀ ਗਈ ਪੁਸਤਕ ਵਿਚ ਨੌ ਲੇਖਾਂ ਨੂੰ ਸ਼ਾਮਲ ਕੀਤਾ ਗਿਆ ਹੈ ਜੋ ਗੁਰਬਾਣੀ, ਇਤਿਹਾਸ, ਗੁਰਮਤਿ ਸਿਧਾਂਤਾਂ ਅਤੇ ਸਿੱਖ ਰਹਿਣੀ ਨਾਲ ਸਬੰਧਤ ਹਨ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਬੀਬੀ ਜਗੀਰ ਕੌਰ ਨੇ ਪੁਸਤਕ ਜਾਰੀ ਕਰਨ ਮੌਕੇ ਕਿਹਾ ਕਿ ਸਿਰਦਾਰ ਕਪੂਰ ਸਿੰਘ ਸਿੱਖ ਕੌਮ ਦੇ ਪ੍ਰਬੁੱਧ ਚਿੰਤਕ ਅਤੇ ਲਿਖਾਰੀ ਸਨ, ਜਿਨ੍ਹਾਂ ਨੇ ਮੌਲਿਕ ਲਿਖਤਾਂ ਦੁਆਰਾ ਸਿੱਖ ਸਾਹਿਤ ਵਿਚ ਵੱਡਾ ਯੋਗਦਾਨ ਪਾਇਆ। ਇਸ ਮੌਕੇ ਓ.ਐਸ.ਡੀ. ਡਾ. ਅਮਰੀਕ ਸਿੰਘ, ਡਾ. ਸੁਖਬੀਰ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਸਿਮਰਜੀਤ ਸਿੰਘ ਕੰਗ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਲਿਟਰੇਚਰ ਵਿਭਾਗ ਦੇ ਇੰਚਾਰਜ ਸ. ਗੁਰਮੀਤ ਸਿੰਘ ਤੇ ਸ. ਮਲਕੀਤ ਸਿੰਘ ਹਾਜ਼ਰ ਸਨ।